ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 19 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੪ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਗਿਆਨੀ ਹਰਪ੍ਰੀਤ ਸਿੰਘ ਨੇ ਸੱਦਿਆ ਸਟੇਟ ਜਨਰਲ ਡੈਲੀਗੇਟ ਇਜਲਾਸ



**ਚੰਡੀਗੜ੍ਹ , 18 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਨਵੇਂ ਬਣੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ 25 ਸਤੰਬਰ ਨੂੰ ਸਟੇਟ ਜਨਰਲ ਡੈਲੀਗੇਟ ਇਜਲਾਸ ਸੱਦਿਆ ਹੈ। ਇਹ ਇਜਲਾਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਬੁਲਾਇਆ ਗਿਆ ਹੈ।

ਇਸ ਡੈਲੀਗੇਟ ਇਜਲਾਸ ਵਿਚ ਜਿੱਥੇ ਅਗਲੇ ਪ੍ਰੋਗਰਾਮ ਨੂੰ ਲੈ ਕੇ ਵਿਸਥਾਰ ਸਹਿਤ ਚਰਚਾ ਹੋਵੇਗੀ, ਉਥੇ ਹੀ ਪਾਰਟੀ ਦੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਵਿਚਾਰ ਚਰਚਾ ਕੀਤੀ ਜਾਵੇਗੀ।

## ਅਨੰਦ ਮੈਰਿਜ ਐਕਟ ਨੂੰ ਲੈਕੇ ਸੁਪਰੀਮ ਕੋਰਟ ਨੇ ਫੁਰਮਾਨ ਕੀਤਾ ਜਾਰੀ

# ਸਿੱਖਾਂ ਦੇ ਵਿਆਹਾਂ ਲਈ ਬਣਾਓ ਨਿਯਮ

**ਨਵੀਂ ਦਿੱਲੀ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਸੁਪਰੀਮ ਕੋਰਟ ਨੇ 17 ਰਾਜਾਂ ਅਤੇ ਸੱਤ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਆਨੰਦ ਕਾਰਜ ਐਕਟ, 1909 ਦੇ ਤਹਿਤ ਸਿੱਖ ਵਿਆਹਾਂ ਦੀ ਰਜਿਸਟ੍ਰੇਸ਼ਨ ਲਈ ਚਾਰ ਮਹੀਨਿਆਂ ਦੇ ਅੰਦਰ ਨਿਯਮ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਕਿਹਾ ਕਿ ਇੱਕ ਧਰਮ ਨਿਰਪੱਖ ਢਾਂਚੇ ਦੇ ਅੰਦਰ ਜੋ ਧਾਰਮਿਕ ਪਛਾਣ ਦਾ ਸਤਿਕਾਰ ਕਰਦਾ ਹੈ ਅਤੇ ਨਾਗਰਿਕ ਸਮਾਨਤਾ ਨੂੰ ਯਕੀਨੀ ਬਣਾਉਂਦਾ ਹੈ, ਕਾਨੂੰਨ ਨੂੰ ਇੱਕ ਨਿਰਪੱਖ ਅਤੇ ਵਿਹਾਰਕ ਰਸਤਾ ਪ੍ਰਦਾਨ ਕਰਨਾ ਚਾਹੀਦਾ ਹੈ, ਅਤੇ ਆਨੰਦ ਕਾਰਜ ਦੁਆਰਾ ਸੰਪੰਨ ਹੋਏ ਵਿਆਹਾਂ ਨੂੰ ਹੋਰ ਵਿਆਹਾਂ ਵਾਂਗ ਰਜਿਸਟਰਡ ਅਤੇ ਪ੍ਰਮਾਣਿਤ ਕੀਤਾ ਜਾਣਾ ਚਾਹੀਦਾ ਹੈ। ਸੁਪਰੀਮ ਕੋਰਟ ਨੇ ਇਹ ਹੁਕਮ ਇੱਕ ਪਟੀਸ਼ਨ 'ਤੇ ਦਿੱਤਾ ਜਿਸ ਵਿੱਚ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਆਨੰਦ ਮੈਰਿਜ ਐਕਟ, 1909 (2012 ਵਿੱਚ ਸੋਧਿਆ ਗਿਆ) ਦੀ ਧਾਰਾ 6 ਦੇ ਤਹਿਤ ਨਿਯਮ ਬਣਾਉਣ ਅਤੇ ਸੂਚਿਤ ਕਰਨ ਲਈ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਸੀ ਤਾਂ ਜੋ ਸਿੱਖ ਰੀਤੀ-ਰਿਵਾਜਾਂ, ਜਿਨ੍ਹਾਂ ਨੂੰ ਆਮ ਤੌਰ 'ਤੇ ਆਨੰਦ ਕਾਰਜ ਵਜੋਂ ਜਾਣਿਆ ਜਾਂਦਾ ਹੈ, ਅਨੁਸਾਰ ਕੀਤੇ ਗਏ ਵਿਆਹਾਂ ਦੀ ਰਜਿਸਟ੍ਰੇਸ਼ਨ ਦੀ ਸਹੂਲਤ ਦਿੱਤੀ ਜਾ ਸਕੇ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਕਿਹਾ ਕਿ ਸੰਵਿਧਾਨਕ ਵਾਅਦੇ ਦੀ ਇਮਾਨਦਾਰੀ ਨਾ ਸਿਰਫ਼ ਉਨ੍ਹਾਂ ਅਧਿਕਾਰਾਂ ਦੁਆਰਾ ਮਾਪੀ ਜਾਂਦੀ ਹੈ ਜੋ ਇਸ ਦੁਆਰਾ ਐਲਾਨੇ ਜਾਂਦੇ ਹਨ, ਸਗੋਂ ਉਨ੍ਹਾਂ ਸੰਸਥਾਵਾਂ ਦੁਆਰਾ ਵੀ ਮਾਪੀ ਜਾਂਦੀ ਹੈ ਜੋ ਉਨ੍ਹਾਂ ਅਧਿਕਾਰਾਂ ਨੂੰ ਉਪਯੋਗੀ ਬਣਾਉਂਦੀਆਂ ਹਨ। ਇੱਕ ਧਰਮ ਨਿਰਪੱਖ ਗਣਰਾਜ ਵਿੱਚ, ਰਾਜ ਨੂੰ ਨਾਗਰਿਕ ਦੇ ਵਿਸ਼ਵਾਸ ਨੂੰ ਵਿਸ਼ੇਸ਼ ਅਧਿਕਾਰ ਜਾਂ ਰੁਕਾਵਟ ਵਿੱਚ ਨਹੀਂ ਬਦਲਣਾ ਚਾਹੀਦਾ। 4 ਸਤੰਬਰ ਦੇ ਆਪਣੇ ਹੁਕਮ ਵਿੱਚ, ਸੁਪਰੀਮ ਕੋਰਟ ਨੇ ਕਿਹਾ ਕਿ ਜਦੋਂ ਕਾਨੂੰਨ ਆਨੰਦ ਕਾਰਜ ਨੂੰ ਵਿਆਹ ਦੇ ਇੱਕ ਜਾਇਜ਼ ਰੂਪ ਵਜੋਂ ਮਾਨਤਾ ਦਿੰਦਾ ਹੈ, ਪਰ ਇਸਨੂੰ ਰਜਿਸਟਰ ਕਰਨ ਲਈ ਕੋਈ ਵਿਧੀ ਪ੍ਰਦਾਨ ਨਹੀਂ ਕਰਦਾ, ਤਾਂ ਵਾਅਦਾ ਸਿਰਫ਼ ਅੱਧਾ ਹੀ ਪੂਰਾ ਹੁੰਦਾ ਹੈ। "ਹੁਣ ਇਹ ਯਕੀਨੀ ਬਣਾਉਣਾ ਬਾਕੀ ਹੈ ਕਿ ਸਮਾਰੋਹ ਤੋਂ ਰਿਕਾਰਡ ਤੱਕ ਦੀ ਪ੍ਰਕਿਰਿਆ ਖੁੱਲ੍ਹੀ, ਇਕਸਾਰ ਅਤੇ ਨਿਰਪੱਖ ਹੋਵੇ," ਆਦੇਸ਼ ਵਿੱਚ ਕਿਹਾ ਗਿਆ ਹੈ। ਬੈਂਚ ਨੇ ਨੋਟ ਕੀਤਾ ਕਿ 1909 ਦਾ ਐਕਟ ਸਿੱਖ ਰਸਮ ਆਨੰਦ ਕਾਰਜ ਦੁਆਰਾ ਕੀਤੇ ਗਏ ਵਿਆਹਾਂ ਦੀ ਵੈਧਤਾ ਨੂੰ ਮਾਨਤਾ ਦੇਣ ਲਈ ਬਣਾਇਆ ਗਿਆ ਸੀ। ਅਦਾਲਤ ਨੇ ਨੋਟ ਕੀਤਾ ਕਿ 2012 ਵਿੱਚ ਇੱਕ ਸੋਧ ਰਾਹੀਂ, ਸੰਸਦ ਨੇ ਧਾਰਾ 6 ਸ਼ਾਮਲ ਕੀਤੀ, ਜਿਸ ਨੇ ਰਾਜਾਂ ਨੂੰ ਅਜਿਹੇ ਵਿਆਹਾਂ ਦੀ ਰਜਿਸਟ੍ਰੇਸ਼ਨ ਦੀ ਸਹੂਲਤ ਲਈ ਨਿਯਮ ਬਣਾਉਣ, ਵਿਆਹ ਰਜਿਸਟਰਾਂ ਨੂੰ ਬਣਾਈ ਰੱਖਣ ਅਤੇ ਪ੍ਰਮਾਣਿਤ ਅੰਸ਼ ਪ੍ਰਦਾਨ ਕਰਨ ਦਾ ਆਦੇਸ਼ ਦਿੱਤਾ, ਜਦੋਂ ਕਿ ਇਹ ਸਪੱਸ਼ਟ ਕੀਤਾ ਕਿ ਰਜਿਸਟਰ ਕਰਨ ਵਿੱਚ ਅਸਫਲਤਾ ਵਿਆਹ ਦੀ ਵੈਧਤਾ ਨੂੰ ਪ੍ਰਭਾਵਤ ਨਹੀਂ ਕਰੇਗੀ।



## ਪਰਵਾਸੀਆਂ ਦਾ ਇਕ ਹੋਰ ਹਮਲਾ: ਅੰਮ੍ਰਿਤਸਰ 'ਚ ਦੋ ਸਿੱਖ ਭਰਾਵਾਂ ਦੀ ਕੁੱਟਮਾਰ ਤੇ ਦਸਤਾਰਾਂ ਦੀ ਕੀਤੀ ਬੇਅਦਬੀ

**ਅੰਮ੍ਰਿਤਸਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਦੇ ਰਾਮ ਨਗਰ ਇਲਾਕੇ 'ਚ ਸੋਮਵਾਰ ਰਾਤ ਇਕ ਗੰਭੀਰ ਘਟਨਾ ਸਾਹਮਣੀ ਆਈ ਜਿੱਥੇ ਪਰਵਾਸੀ ਨੌਜਵਾਨਾਂ ਨੇ ਦੋ ਸਿੱਖ ਭਰਾਵਾਂ ਨਾਲ ਕੁੱਟਮਾਰ ਕਰਕੇ ਉਨ੍ਹਾਂ ਦੀਆਂ ਦਸਤਾਰਾਂ ਲਾਹ ਕੇ ਬੇਅਦਬੀ ਕੀਤੀ। ਗੁਆਂਢੀਆਂ ਅਨੁਸਾਰ, ਹਮਲਾਵਰਾਂ ਦੀ ਗਿਣਤੀ 15-20 ਸੀ ਜਿਨ੍ਹਾਂ ਨੇ ਕਿਰਪਾਨਾਂ ਤੇ ਕੜਿਆਂ ਨਾਲ ਹਮਲਾ ਵੀ ਕੀਤਾ। ਪਰਿਵਾਰਿਕ ਮੈਂਬਰਾਂ ਅਨੁਸਾਰ, ਇਹ ਸਿਰਫ ਇਕ ਆਮ ਗੱਲਬਾਤ ਤੋਂ ਸ਼ੁਰੂ ਹੋਇਆ ਝਗੜਾ ਸੀ, ਪਰ ਜਲਦੀ ਹੀ ਇਸ ਨੇ ਹਿੰਸਾਤਮਕ ਰੂਪ ਧਾਰ ਲਿਆ। ਪਰਿਵਾਰ ਨੇ ਪੁਲਸ ਤੋਂ ਇਨਸਾਫ ਦੀ ਮੰਗ ਕੀਤੀ ਹੈ ਅਤੇ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਜਥੇਬੰਦੀਆਂ ਨੂੰ ਵੀ ਮਦਦ ਲਈ ਅਪੀਲ ਕੀਤੀ ਹੈ। ਇਲਾਕਾ ਨਿਵਾਸੀਆਂ ਨੇ ਸੂਬਾਈ ਸਰਕਾਰ ਅਤੇ ਪੁਲਿਸ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਰਵਾਸੀਆਂ ਦੀ ਜਾਂਚ ਕਰਕੇ ਜੋ ਵੀ ਵਿਅਕਤੀ ਗ਼ੈਰ ਕਾਨੂੰਨੀ ਤਰੀਕੇ ਨਾਲ ਇਥੇ ਰਹਿ ਰਹੇ ਹਨ, ਉਨ੍ਹਾਂ ਨੂੰ ਤੁਰੰਤ ਬਾਹਰ ਕੱਢਿਆ ਜਾਵੇ ਅਤੇ ਇਲਾਕੇ ਵਿੱਚ ਸਥਾਪਤ ਸ਼ਾਂਤੀ ਨੂੰ ਬਰਕਰਾਰ ਰੱਖਿਆ ਜਾਵੇ। ਇਲਾਕਾ ਨਿਵਾਸੀਆਂ ਨੇ ਕਿਹਾ ਕਿ ਕਈ ਪਰਵਾਸੀ ਬਿਨਾਂ ਦਸਤਾਵੇਜ਼ਾਂ ਦੇ ਰਹਿ ਕੇ ਗੁੰਡਾਗਰਦੀ ਕਰ ਰਹੇ ਹਨ।ਇਸ ਮਾਮਲੇ 'ਤੇ ਪੁਲਿਸ ਵੱਲੋਂ ਹਾਲੇ ਤੱਕ ਕੋਈ ਵੱਡੀ ਕਾਰਵਾਈ ਨਹੀਂ ਕੀਤੀ ਗਈ। ਸਿਰਫ਼ ਇਹ ਕਿਹਾ ਗਿਆ ਹੈ ਕਿ ਕਿਸੇ ਵੀ ਤਰ੍ਹਾਂ ਦੀ ਲਿਖਤੀ ਸ਼ਿਕਾਇਤ ਮਿਲਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।



## ਗੁਰਦੁਆਰਾ ਸੈਜਲੀ ਸਟ੍ਰੀਟ ਵਿੱਚ ਵੱਡਾ ਹੰਗਾਮਾ

# ਭਾਈ ਕਪਤਾਨ ਸਿੰਘ ਉੱਤੇ ਜਾਨਲੇਵਾ ਹਮਲਾ, ਕਈ ਹੋਰ ਵੀ ਜ਼ਖ਼ਮੀ

## ਭਾਈ ਕਪਤਾਨ ਸਿੰਘ ਨੂੰ "ਮੂੰਹ ਬੰਦ ਰੱਖਣ" ਦੀਆਂ ਮਿਲਦੀਆਂ ਸਨ ਧਮਕੀਆਂ











ਮੁਕੰਮਲ ਖ਼ਬਰ ਪੰਨਾ 2 'ਤੇ ਪੜ੍ਹੋ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 19 ਸਤੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੪ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਗੁਰਦੁਆਰਾ ਸੈਜਲੀ ਸਟ੍ਰੀਟ ਵਿੱਚ ਵੱਡਾ ਹੰਗਾਮਾ

# ਭਾਈ ਕਪਤਾਨ ਸਿੰਘ ਉੱਤੇ ਜਾਨਲੇਵਾ ਹਮਲਾ, ਕਈ ਹੋਰ ਵੀ ਜ਼ਖ਼ਮੀ

## ਭਾਈ ਕਪਤਾਨ ਸਿੰਘ ਨੂੰ "ਮੂੰਹ ਬੰਦ ਰੱਖਣ" ਦੀਆਂ ਮਿਲਦੀਆਂ ਸਨ ਧਮਕੀਆਂ

**ਬਰਮਿੰਘਮ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੰਘੇ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟ ਬਰਮਿੰਘਮ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਵਾਪਰੀ ਘਟਨਾ ਨੇ ਸਾਰੀ ਸਿੱਖ ਸੰਗਤ ਨੂੰ ਹੈਰਾਨ ਅਤੇ ਗੁੱਸੇ ਵਿੱਚ ਭਰ ਦਿੱਤਾ ਹੈ। ਟਰੱਸਟੀਜ਼ ਬੋਰਡ ਦੇ ਸਪੋਕਸਮੈਨ ਭਾਈ ਕਪਤਾਨ ਸਿੰਘ ਉੱਤੇ ਗੈਰਵਿਧਾਨਕ ਕਾਬਜ਼ ਕਮੇਟੀ ਦੇ ਬੁਲਾਏ ਹੋਏ ਹੁੱਲੜਬਾਜ਼ਾਂ ਵੱਲੋਂ ਜਾਨਲੇਵਾ ਹਮਲਾ ਕੀਤਾ ਗਿਆ।



ਭਾਈ ਕਪਤਾਨ ਸਿੰਘ (ਫਾਈਲ ਫੋਟੋ)

**ਘਟਨਾ ਦੀ ਸ਼ੁਰੂਆਤ** : ਸ੍ਰੀ ਮਲਕੀਤ ਸਿੰਘ ਟਰੱਸਟੀ ਟਰੱਸਟੀਜ਼ ਬੋਰਡ ਵੱਲੋਂ ਚਿੱਠੀ ਲੈ ਕੇ ਸਟੇਜ ਕੋਲ ਗਏ ਅਤੇ ਪੱਖ ਰੱਖਣ ਲਈ ਕੇਵਲ ਪੰਜ ਮਿੰਟ ਦਾ ਸਮਾਂ ਮੰਗਿਆ। ਪਰ ਅਵਤਾਰ ਸਿੰਘ ਅਤੇ ਗੁਰਵਿੰਦਰ ਸਿੰਘ ਨੇ ਚਿੱਠੀ ਪੜ੍ਹਨ ਤੋਂ ਇਨਕਾਰ ਕਰ ਦਿੱਤਾ। ਇਸ 'ਤੇ ਭਾਈ ਕਪਤਾਨ ਸਿੰਘ ਸਟੇਜ ਦੇ ਨੇੜੇ ਗਏ ਅਤੇ ਨਮਰਤਾ ਨਾਲ ਬੇਨਤੀ ਕੀਤੀ ਕਿ ਸੰਗਤ ਦੇ ਸਾਹਮਣੇ ਚਿੱਠੀ ਪੜ੍ਹਨ ਦਾ ਸਮਾਂ ਦਿੱਤਾ ਜਾਵੇ।

ਉਸ ਵੇਲੇ ਕਿਸੇ ਨੇ ਸਟੇਜ ਦੇ ਸਾਹਮਣੇ ਤੋਂ ਗੁਰਵਿੰਦਰ ਸਿੰਘ ਤੇ ਅਵਤਾਰ ਸਿੰਘ ਨੂੰ ਇਸ਼ਾਰਾ ਕੀਤਾ ਅਤੇ ਲਗਭਗ 15 ਨੌਜਵਾਨ ਇਕੱਠੇ ਹੋ ਗਏ। ਗੁਰਵਿੰਦਰ ਸਿੰਘ, ਮਨਰਾਜ ਸਿੰਘ, ਅਵਤਾਰ ਸਿੰਘ ਅਤੇ ਹਜ਼ਾਰਾ ਸਿੰਘ ਨੇ ਆਵਾਜ਼ ਮਾਰੀ "ਕਪਤਾਨ ਨੂੰ ਧੂਹ ਕੇ ਬਾਹਰ ਲੈ ਜਾਓ"। ਤੁਰੰਤ 15-20 ਹੁੱਲੜਬਾਜ਼ਾਂ ਨੇ ਕਪਤਾਨ ਸਿੰਘ ਨੂੰ ਬਾਹਾਂ, ਗਲ ਅਤੇ ਦਾੜ੍ਹੀ ਤੋਂ ਫੜ ਕੇ ਸਟੇਜ ਤੋਂ ਖਿੱਚ ਲਿਆ ਅਤੇ ਬੇਰਹਿਮੀ ਨਾਲ ਮਾਰਨਾ ਸ਼ੁਰੂ ਕਰ ਦਿੱਤਾ।

**ਕੜਿਆਂ ਨਾਲ ਵਾਰ, ਗੰਭੀਰ ਜ਼ਖ਼ਮੀ** : ਹੁੱਲੜਬਾਜ਼ਾਂ ਨੇ ਲੋਹੇ ਦੇ ਕੜਿਆਂ ਨਾਲ ਸਿਰ ਤੇ ਚਿਹਰੇ 'ਤੇ ਵਾਰ ਕੀਤੇ। ਕਪਤਾਨ ਸਿੰਘ ਦੇ ਚਿਹਰੇ ਅਤੇ ਕੱਪੜਿਆਂ 'ਤੇ ਖ਼ੂਨ ਹੀ ਖ਼ੂਨ ਹੋ ਗਿਆ। ਗੰਭੀਰ ਹਾਲਤ ਵਿੱਚ ਉਹਨੂੰ ਹਸਪਤਾਲ ਪਹੁੰਚਾਇਆ ਗਿਆ।

**ਹੋਰ ਵੀ ਜ਼ਖ਼ਮੀ** : ਇਸ ਹਮਲੇ ਦੌਰਾਨ ਮਹਿੰਦਰ ਸਿੰਘ ਤੱਖਰ ਅਤੇ ਰਘਬੀਰ ਸਿੰਘ ਗੀਰਾ ਉੱਤੇ ਵੀ ਹਮਲਾ ਕੀਤਾ ਗਿਆ। ਰਘਬੀਰ ਸਿੰਘ ਦਿਲ ਦੇ ਮਰੀਜ਼ ਹਨ। ਕੁੱਟਮਾਰ ਦੌਰਾਨ ਉਹਨੂੰ ਹਾਰਟ ਅਟੈਕ ਆ ਗਿਆ ਅਤੇ ਸੰਗਤ ਦੇ ਮੈਂਬਰਾਂ ਵੱਲੋਂ ਤੁਰੰਤ ਹਸਪਤਾਲ ਪਹੁੰਚਾਇਆ ਗਿਆ।

**ਪੁਲਿਸ ਕਾਰਵਾਈ** : ਪੁਲਿਸ ਤੁਰੰਤ ਮੌਕੇ 'ਤੇ ਪਹੁੰਚ ਗਈ। ਗੰਭੀਰ ਰੂਪ ਨਾਲ ਜ਼ਖ਼ਮੀ ਹੋਏ ਭਾਈ ਕਪਤਾਨ ਸਿੰਘ ਨੂੰ ਪੁਲਿਸ ਨੇ ਹਸਪਤਾਲ ਦਾਖ਼ਲ ਕਰਵਾਇਆ। ਪੁਲਿਸ ਨੇ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਘਟਨਾ ਦਾ ਪਿਛੋਕੜ

☛ 7 ਸਤੰਬਰ ਨੂੰ ਸਟੇਜ ਤੋਂ ਐਲਾਨ ਕੀਤਾ ਗਿਆ ਸੀ ਕਿ 14 ਸਤੰਬਰ ਨੂੰ ਟਰੱਸਟੀਜ਼ ਆਪਣਾ ਪੱਖ ਰੱਖ ਸਕਣਗੇ।

☛ 11 ਸਤੰਬਰ ਨੂੰ ਲਗਭਗ 100 ਸੰਗਤਾਂ ਮੀਟਿੰਗ ਕਰਨ ਗਈਆਂ, ਪਰ ਜਸਪਾਲ ਸਿੰਘ ਨਿੱਜਰ ਨੇ ਲੰਗਰ ਹਾਲ ਵਿੱਚ ਮੀਟਿੰਗ ਕਰਨ ਤੋਂ ਇਨਕਾਰ ਕਰ ਦਿੱਤਾ।

☛ ਦਫ਼ਤਰ ਵਿੱਚ ਗੱਲਬਾਤ ਦੌਰਾਨ ਕਪਤਾਨ ਸਿੰਘ ਨੂੰ "ਮੂੰਹ ਬੰਦ ਕਰਨ" ਦੀਆਂ ਧਮਕੀਆਂ ਦਿੱਤੀਆਂ ਗਈਆਂ।

☛ 14 ਸਤੰਬਰ ਨੂੰ ਉਹ ਧਮਕੀਆਂ ਅਮਲ ਵਿੱਚ ਬਦਲੀਆਂ ਅਤੇ ਕਪਤਾਨ ਸਿੰਘ ਉੱਪਰ ਜਾਨਲੇਵਾ ਹਮਲਾ ਕਰਵਾ ਦਿੱਤਾ ਗਿਆ।

**ਕਮੇਟੀ ਦਾ ਵਿਵਾਦ** : ਗੁਰਦੁਆਰਾ ਸੈਜਲੀ ਸਟ੍ਰੀਟ ਦੀ ਕਮੇਟੀ ਦੀ ਮਿਆਦ 2 ਸਾਲ ਲਈ ਹੁੰਦੀ ਹੈ ਜੋ ਮਈ ਦੇ ਪਹਿਲੇ ਹਫ਼ਤੇ ਖ਼ਤਮ ਹੋ ਜਾਂਦੀ ਹੈ। ਪਹਿਲਾਂ ਦੀਆਂ ਸਾਰੀਆਂ ਕਮੇਟੀਆਂ ਨੇ ਮਿਆਦ ਪੂਰੀ ਹੋਣ 'ਤੇ ਅਹੁਦੇ ਛੱਡ ਦਿੱਤੇ ਸਨ। ਪਰ ਇਸ ਵਾਰ ਜਸਪਾਲ ਸਿੰਘ ਨਿੱਜਰ ਅਤੇ ਉਸਦੇ ਕੁਝ ਸਾਥੀ ਗੈਰਵਿਧਾਨਕ ਤੌਰ 'ਤੇ ਗੁਰਦੁਆਰੇ ਉੱਤੇ ਕਾਬਜ਼ ਹਨ। 45 ਸਾਲਾਂ ਵਿੱਚ ਪਹਿਲੀ ਵਾਰ ਬਿਲਡਿੰਗ ਦੇ ਸੁੰਦਰਿਕਰਨ ਦਾ ਬਹਾਨਾ ਬਣਾ ਕੇ ਗੁਰਦੁਆਰੇ 'ਤੇ ਕਾਬਜ਼ਾ ਕੀਤਾ ਗਿਆ ਹੈ।

**ਵੱਡੀ ਜਥੇਬੰਦੀ ਦਾ ਹੱਥ** : ਸੰਗਤ ਨੇ ਦੱਸਿਆ ਹੈ ਕਿ ਇਸ ਹਮਲੇ ਦੇ ਪਿੱਛੇ ਇੰਗਲੈਂਡ ਦੀ ਇਕ ਵੱਡੀ ਜਥੇਬੰਦੀ ਦੇ ਮੁੱਖ ਆਗੂਆਂ ਦਾ ਹੱਥ ਹੈ ਜਿਹੜੇ ਲੰਮੇ ਸਮੇਂ ਤੋਂ ਗੁਰਦੁਆਰੇ ਦੇ ਪ੍ਰਬੰਧ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਵਰਣਨਯੋਗ ਗੱਲ ਹੈ ਕਿ ਗੁਰਦੁਆਰਾ ਸੈਜਲੀ ਸਟ੍ਰੀਟ ਦੀ ਕਮੇਟੀ ਦੀ ਮਿਆਦ 2 ਸਾਲ ਲਈ ਹੁੰਦੀ ਹੈ ਜੋ ਹਰ ਮਈ ਦੇ ਪਹਿਲੇ ਹਫ਼ਤੇ ਖ਼ਤਮ ਹੋ ਜਾਂਦੀ ਹੈ। ਇਸ ਵਾਰ ਵੀ ਪ੍ਰਧਾਨ, ਜਨਰਲ ਸਕੱਤਰ, ਸਟੇਜ ਸਕੱਤਰ ਅਤੇ ਹੋਰ ਮੈਂਬਰ ਆਪਣੇ ਅਹੁਦੇ ਵਿਧਾਨ ਮੁਤਾਬਕ ਛੱਡ ਚੁੱਕੇ ਹਨ ਅਤੇ ਸੇਵਾਮੁਕਤ ਹੋ ਚੁੱਕੇ ਹਨ। ਪਰ ਇਸਦੇ ਬਾਵਜੂਦ ਜਸਪਾਲ ਸਿੰਘ ਨਿੱਜਰ ਅਤੇ ਉਸਦੇ ਕੁਝ ਸਾਥੀ ਗੈਰਵਿਧਾਨਕ ਤੌਰ 'ਤੇ ਗੁਰਦੁਆਰੇ 'ਤੇ ਕਾਬਜ਼ ਹਨ। ਇਹ 45 ਸਾਲਾਂ ਵਿੱਚ ਪਹਿਲੀ ਵਾਰ ਹੈ ਕਿ ਬਿਲਡਿੰਗ ਦੇ ਸੁੰਦਰਿਕਰਨ ਦਾ ਬਹਾਨਾ ਬਣਾ ਕੇ ਗੁਰਦੁਆਰੇ ਦੇ ਪ੍ਰਬੰਧ 'ਤੇ ਗੈਰਵਿਧਾਨਕ ਕਾਬਜ਼ਾ ਕੀਤਾ ਗਿਆ ਹੈ।







ਹਸਪਤਾਲ ਵਿੱਚ ਗੰਭੀਰ ਤੌਰ 'ਤੇ ਜ਼ਖ਼ਮੀਂ ਹਾਲਤ 'ਚ ਭਾਈ ਕਪਤਾਨ ਸਿੰਘ ਅਤੇ (ਹੇਠਾਂ) ਇੱਕ ਹੋਰ ਸਿੰਘ।

ਆਵਾਜ਼ਿ ਕੌਮ
AWAZE QAUM
International Newspaper & WEB TV






ਇਹਨਾਂ ਤਸਵੀਰਾਂ ਵਿੱਚ ਸਾਫ਼ ਦਿਸ ਰਿਹਾ ਹੈ ਕਿ ਭਾਈ ਕਪਤਾਨ ਸਿੰਘ ਨੂੰ ਜ਼ਬਰਦਸਤੀ ਘਸੀਟ ਕੇ ਲਿਜਾਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਲੋਕਾਂ ਦੇ ਹਜੂਮ ਵਿਚਕਾਰ ਕਈ ਵਿਅਕਤੀ ਉਨ੍ਹਾਂ ਨੂੰ ਬਲਵਾਨੀ ਨਾਲ ਕਾਬੂ ਕਰਦੇ ਹੋਏ ਨਜ਼ਰ ਆ ਰਹੇ ਹਨ। ਇਹ ਘਟਨਾ ਗੁਰਦੁਆਰੇ ਦੇ ਅੰਦਰ ਪਵਿੱਤਰ ਦਰਬਾਰ ਵਿਚ ਵਾਪਰੀ, ਜਿਸ ਨਾਲ ਸੰਗਤ ਵਿੱਚ ਕਾਫ਼ੀ ਤਣਾਅ ਤੇ ਗੁੱਸੇ ਦਾ ਮਾਹੌਲ ਬਣ ਗਿਆ।

## ਇੰਟਰਨੈਸ਼ਨਲ ਪੰਥਕ ਦਲ ਯੂਕੇ ਵੱਲੋਂ ਭਾਈ ਕਪਤਾਨ ਸਿੰਘ ਉਪਰ ਹੋਏ ਜਾਨਲੇਵਾ ਹਮਲੇ ਦੀ ਨਿੰਦਾ

## ਘਟਨਾ ਦੇ ਪਿੱਛੇ ਵੱਡੀ ਜਥੇਬੰਦੀ ਦਾ ਹੱਥ, ਦੋਸ਼ੀਆਂ ਨੂੰ ਚੇਤਾਵਨੀ ਜਾਰੀ

**ਬਰਮਿੰਘਮ** : ਯੂਕੇ ਦੀ ਸਿੱਖ ਕਮਿਉਨਿਟੀ ਵਿੱਚ 14 ਸਤੰਬਰ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਸੈਜਲੀ ਸਟ੍ਰੀਟ ਬਰਮਿੰਘਮ ਵਿੱਚ ਵਾਪਰੀ ਘਟਨਾ ਨੇ ਸਾਰੀ ਕੌਮ ਨੂੰ ਝੰਝੋੜ ਕੇ ਰੱਖ ਦਿੱਤਾ ਹੈ। ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਹੋਏ ਧਾਰਮਿਕ ਸਮਾਗਮ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਕਪਤਾਨ ਸਿੰਘ ਉਪਰ ਕੁਝ ਲੋਕਾਂ ਵੱਲੋਂ ਅਚਾਨਕ ਜਾਨਲੇਵਾ ਹਮਲਾ ਕੀਤਾ ਗਿਆ। ਇਸ ਹਮਲੇ ਵਿੱਚ ਭਾਈ ਕਪਤਾਨ ਸਿੰਘ ਗੰਭੀਰ ਜ਼ਖ਼ਮੀ ਹੋਏ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ।

### ਹਮਲੇ ਦੇ ਪਿੱਛੇ ਵੱਡੀ ਜਥੇਬੰਦੀ ਦਾ ਹੱਥ

ਸਥਾਨਕ ਸੰਗਤ ਮੁਤਾਬਕ, ਇਸ ਹਮਲੇ ਦੇ ਪਿੱਛੇ ਇਕ ਵੱਡੀ ਜਥੇਬੰਦੀ ਦਾ ਹੱਥ ਦੱਸਿਆ ਜਾ ਰਿਹਾ ਹੈ ਜੋ ਗੁਰਦੁਆਰਿਆਂ ਦੇ ਪ੍ਰਬੰਧ ਨੂੰ ਜ਼ਬਰਦਸਤੀ ਕਾਬੂ ਕਰਨ ਲਈ ਲੰਮੇ ਸਮੇਂ ਤੋਂ ਕੋਸ਼ਿਸ਼ ਕਰ ਰਹੀ ਸੀ। ਇਹ ਹਮਲਾ ਸਿਰਫ਼ ਇਕ ਵਿਅਕਤੀ ਖ਼ਿਲਾਫ਼ ਨਹੀਂ ਸਗੋਂ ਪੂਰੀ ਕੌਮ ਦੀ ਇਕਤਾ ਅਤੇ ਗੁਰਦੁਆਰਿਆਂ ਦੀ ਪਵਿੱਤਰਤਾ ਉਪਰ ਖੁੱਲ੍ਹੀ ਚੋਟ ਹੈ।

### ਕਪਤਾਨ ਸਿੰਘ ਦੇ ਨਾਲ ਪੰਥ ਦੀ ਚਟਾਨੀ ਏਕਤਾ

ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਸਾਫ਼ ਕੀਤਾ ਕਿ ਭਾਈ ਕਪਤਾਨ ਸਿੰਘ, ਜੋ ਸੰਸਥਾ ਦੇ ਸੀਨੀਅਰ ਮੀਤ ਪ੍ਰਧਾਨ ਹਨ, ਪੰਥ ਲਈ ਹਮੇਸ਼ਾਂ ਅਡੋਲ ਤੇ ਨਿਡਰ ਰਹੇ ਹਨ। ਹਮਲੇ ਤੋਂ ਬਾਅਦ ਪੂਰਾ ਪੰਥ ਉਨ੍ਹਾਂ ਦੇ ਨਾਲ ਚਟਾਨ ਵਾਂਗ ਖੜ੍ਹਾ ਹੈ ਅਤੇ ਹਰ ਸਥਿਤੀ ਵਿੱਚ ਉਨ੍ਹਾਂ ਦਾ ਸਾਥ ਦੇਵੇਗਾ।

### ਦੋਸ਼ੀਆਂ ਲਈ ਸਖ਼ਤ ਚੇਤਾਵਨੀ

ਇੰਟਰਨੈਸ਼ਨਲ ਪੰਥਕ ਦਲ ਯੂਕੇ ਦੇ ਆਗੂਆਂ ਨੇ ਹਮਲਾਵਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜਿਹੜੇ ਤੱਤ ਸਿੱਖ ਕੌਮ ਵਿੱਚ ਫੁੱਟ ਪਾਉਣ ਦੀ ਸਾਜ਼ਿਸ਼ ਕਰ ਰਹੇ ਹਨ, ਉਹ ਭੁਲੇਖੇ ਵਿੱਚ ਨਾ ਰਹਿਣ। ਪੰਥਕ ਜਥੇਬੰਦੀ ਨੇ ਸਾਫ਼ ਕੀਤਾ ਕਿ ਜੇ ਭਵਿੱਖ ਵਿੱਚ ਇਸ ਤਰ੍ਹਾਂ ਦੀ ਘਟਨਾ ਦੁਹਰਾਈ ਗਈ ਤਾਂ ਕੌਮ ਚੁੱਪ ਨਹੀਂ ਬੈਠੇਗੀ ਅਤੇ ਪੰਥਕ ਸਤਰ 'ਤੇ ਉਸਦਾ ਡਟ ਕੇ ਜਵਾਬ ਦਿੱਤਾ ਜਾਵੇਗਾ।

### ਇਨਸਾਫ਼ ਦੀ ਮੰਗ

ਆਗੂਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਹਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਜਿੰਮੇਵਾਰ ਲੋਕਾਂ ਨੂੰ ਕਾਨੂੰਨ ਦੇ ਹਵਾਲੇ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ।

### ਸਾਂਝੇ ਬਿਆਨ ਵਿੱਚ ਸ਼ਾਮਲ ਆਗੂ


ਇਸ ਸਾਂਝੇ ਬਿਆਨ 'ਤੇ ਭਾਈ ਰਘਵੀਰ ਸਿੰਘ ਵਾਲਸਾਲ, ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ, ਭਾਈ ਹਰਜਿੰਦਰ ਸਿੰਘ ਬੈਡਫੋਰਡ, ਭਾਈ ਰਘਬੀਰ ਸਿੰਘ ਮਾਲੜੀ ਨੌਟੀਗਮ, ਬਾਬਾ ਬਘੇਲ ਸਿੰਘ ਬਰਮਿੰਘਮ, ਭਾਈ ਰਘਵੀਰ ਸਿੰਘ ਬੀਰ੍ਹਾ ਬਰਮਿੰਘਮ, ਭਾਈ ਆਪਿੰਦਰਪਾਲ ਸਿੰਘ ਹੈਪੀ ਬਰਮਿੰਘਮ, ਭਾਈ ਮਨਜਿੰਦਰ ਸਿੰਘ ਕਵੈਂਟਰੀ, ਭਾਈ ਸੰਤੋਖ ਸਿੰਘ ਕਵੈਂਟਰੀ, ਭਾਈ ਸ਼ਮਸ਼ੇਰ ਬਹਾਦਰ ਸਿੰਘ ਲੈਸਟਰ, ਭਾਈ ਜਸਪਾਲ ਸਿੰਘ ਲੈਸਟਰ, ਭਾਈ ਚਰਨਜੀਤ ਸਿੰਘ ਡਰਬੀ, ਭਾਈ ਅਮਰੀਕ ਸਿੰਘ ਤੂਰ ਡਰਬੀ, ਭਾਈ ਸੁਰਿੰਦਰ ਪਾਲ ਸਿੰਘ ਗਰੇਵਾਲ ਵਾਲਸਾਲ ਅਤੇ ਭਾਈ ਬਿਕਰਮਜੀਤ ਸਿੰਘ ਵਾਲਸਾਲ ਦੇ ਦਸਤਖ਼ਤ ਸ਼ਾਮਲ ਹਨ।

### ਸੰਗਤ ਲਈ ਅਪੀਲ

ਆਗੂਆਂ ਨੇ ਅਖੀਰ ਵਿੱਚ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਆਪਸੀ ਭਰਾਵਾਂਵਾਂ ਅਤੇ ਏਕਤਾ ਨਾਲ ਅੱਗੇ ਵਧਣ, ਕਿਸੇ ਵੀ ਉਕਸਾਏ ਵਿੱਚ ਆਉਣ ਤੋਂ ਬਚਣ ਅਤੇ ਗੁਰਦੁਆਰਿਆਂ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਇਕਜੁੱਟ ਹੋਣ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

**ਨੌਵੇ ਪਾਤਸ਼ਾਹ ਧੰਨ-ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਨੋਟ : ਇਹ ਸਮਾਗਮ 13 ਦਿਨ ਚੱਲੇਗਾ ਦੇਸ਼-ਵਿਦੇਸ਼ ਤੋਂ ਸੰਗਤਾਂ ਪਹੁੰਚ ਰਹੀਆ।
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404


ਸੰਪਰਕ ਨੰਬਰ
98141-27470
84278-66404
73408-35137

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD
LEICESTER LE4 6AR

visit us : www.sanjhapunjab.co.uk

email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV


Singh Sahib Giani Malkit Singh Ji
Head Granthi Sri Akaal Takhat Sahib
Contact No -IND +91 98552 03174
America -+1(856)-473-8596
29 - 31 August
Nanak Naam Jahaaj Gurdwara
1080 Westside Ave , Jersey City , NJ 07306
5&7 Septmber
Mata GUJRI Sikh Society
11 Ellison Dr,cherry Hill,NJ08003
11 September
Guru Nanak Sikh Heritage
29 wyekoff Mills Rd,Monroe ,NJ09931
12-14 September
Philadelphia Sikh Society
6706 Garden CT Rd, Millbourne, PA19082
21 September
Garden state Sikh Association
977 Washington Vally Rd ,Basking Ridge,NJ07920
26-28 September
Guru Nanak Mission Gurdwara
138 Bauer Dr, Oakland,NJ08436
For More Information
Contact-Bhai Karamjit Singh Ji Shant
(201)694-1007
ਆਵਾਜ਼ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਿਤ ਸਮਾਗਮ

☛ ਜੋਤੀ ਜੋਤ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ☛ ਸਲਾਨਾ ਬਰਸੀ ਭਾਈ ਘਨਈਆ ਜੀ ਸ਼੍ਰੀ ਅਨੰਦਪੁਰ ਸਾਹਿਬ ਜੀ।



**ਸ਼ਨਿੱਚਰਵਾਰ 20 ਸਤੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 21 ਸਤੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਂਗੀ ਭਾਈ ਗੁਰਵਿੰਦਰ ਸਿੰਘ ਰੈਸੋ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਐੱਸ.ਐੱਸ.ਪੀ. ਮਨਿੰਦਰ ਸਿੰਘ

# ਦਮਦਮੀ ਟਕਸਾਲ ਜਥਾ ਭਿੰਡਰਾਂਵਾਲਿਆਂ ਦੇ ਹੜ ਰਾਹਤ ਕੈਂਪ ’ਚ ਪੁੱਜੇ




**ਚੌਂਕ ਮਹਿਤਾ, 18 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਹੜ ਪੀੜਤਾਂ ਨੂੰ ਰਾਹਤ ਮੁਹਈਆ ਕਰਵਾਉਣ ਦੇ ਲਈ ਅਜਨਾਲਾ-ਰਮਦਾਸ ਮੁੱਖ ਸੜਕ ਉਪਰ ਪਿੰਡ ਬਾਜਵਾ ਦੇ ਨੇੜੇ ਇਕ ਹੜ ਰਾਹਤ ਕੈਂਪ ਚਲਾਇਆ ਜਾ ਰਿਹਾ ਹੈ। ਇਸ ਕੈਂਪ ਵਿਚ ਪਿਛਲੇ ਦਿਨਾਂ ਤੋਂ ਲਗਾਤਾਰ ਪ੍ਰਭਾਵਿਤ ਲੋਕਾਂ ਨੂੰ ਹਰ ਪ੍ਰਕਾਰ ਦੀ ਰਾਹਤ ਮੁਹਈਆ ਕਰਵਾਈ ਜਾ ਰਹੀ ਹੈ।

**ਕਿਹਾ - ਦਮਦਮੀ ਟਕਸਾਲ ਹੜ ਪੀੜਤਾਂ ਦੀ ਸਹਾਇਤਾ ’ਚ ਸਭ ਤੋਂ ਅੱਗੇ ਲਗਾਤਾਰ ਜੁਟੀ ਹੈ-ਐਸ. ਐਸ. ਪੀ. ਮਨਿੰਦਰ ਸਿੰਘ**

ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਵਿੱਚ ਆਯੋਜਿਤ ਇਸ ਰਾਹਤ ਕੈਂਪ ਵਿੱਚ ਜਿਲਾ ਅੰਮ੍ਰਿਤਸਰ ਦਿਹਾਤੀ ਦੇ ਐੱਸ.ਐੱਸ.ਪੀ. ਮਨਿੰਦਰ ਸਿੰਘ ਉਚੇਚੇ ਤੌਰ ਤੇ ਪਹੁੰਚੇ। ਜਿਨ੍ਹਾਂ ਨੇ ਮਨੁੱਖਤਾ ਦੀ ਸੇਵਾ ਦੇ ਤਹਿਤ ਟਕਸਾਲ ਦੇ ਦੁਆਰਾ ਕੀਤੇ ਜਾ ਰਹੇ ਇਸ ਉਪਰਾਲੇ ਦੀ ਸਰਾਹਨਾ ਕੀਤੀ। ਉਨਾਂ ਆਖਿਆ ਕਿ ਹੜਾਂ ਦੀ ਸਥਿਤੀ ਨਾਲ ਨਜਿੱਠਣ ਦੇ ਲਈ ਜਿੱਥੇ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਦੇ ਵੱਲੋਂ ਯੋਗ ਪ੍ਰਬੰਧ ਕੀਤੇ ਗਏ ਹਨ, ਉਥੇ ਹੀ ਸਾਡੀਆਂ ਧਾਰਮਿਕ ਤੇ ਸਮਾਜਸੇਵੀ ਸੰਸਥਾਵਾਂ ਨੇ ਵੀ ਅਹਿਮ ਸੇਵਾਵਾਂ ਦਿੱਤੀਆਂ ਹਨ।

ਐੱਸ.ਐੱਸ.ਪੀ. ਮਨਿੰਦਰ ਸਿੰਘ ਨੇ ਕਿਹਾ ਕਿ ਹੜਾਂ ਦੀ ਇਸ ਆਫ਼ਤ ਵਿਚ ਸਿੱਖਾਂ ਦੀ ਸਿਰਮੌਰ ਜਥੇਬੰਦੀ ਦਮਦਮੀ ਟਕਸਾਲ ਪੀੜਤ ਲੋਕਾਂ ਦੀ ਜਿੰਦਗੀ ਨੂੰ ਮੁੜ ਲੀਹਾਂ ਤੇ ਲਿਆਉਣ ਲਈ ਮੋਹਰੀ ਰੋਲ ਨਿਭਾਅ ਕਰ ਰਹੀ ਹੈ। ਪਿਛਲੇ ਕਈ ਦਿਨਾਂ ਤੋਂ ਪ੍ਰਭਾਵਿਤ ਲੋਕਾਂ ਲਈ 24 ਘੰਟੇ ਲੰਗਰ ਚਲਾਇਆ ਜਾ ਰਿਹਾ ਹੈ, ਇਸ ਦੇ ਨਾਲ ਦਵਾਈਆਂ ਅਤੇ ਫ਼ਰੀ ਮੈਡੀਕਲ ਸਹੂਲਤਾਂ (ਲੇਡੀਜ਼ ਡਾਕਟਰਾਂ ਸਮੇਤ), ਰਸਦਾਂ, ਮੰਜੇ-ਬਿਸਤਰੇ ’ਤੇ ਪਸ਼ੂਆਂ ਦੇ ਚਾਰੇ ਸਮੇਤ ਹੋਰ ਲੋੜੀਂਦੇ ਸਾਮਾਨ ਦੀ ਵੰਡ ਲੋਕਾਂ ਤਕ ਪਹੁੰਚ ਕੇ ਕੀਤੀ ਜਾ ਰਹੀ ਹੈ। ਉਨਾਂ ਆਖਿਆ ਕਿ ਸਾਡੇ ਗੁਰੂ ਸਾਹਿਬਾਨਾਂ ਨੇ ਔਖੀ ਘੜੀ ਦੇ ਵਿਚ ਸਾਨੂੰ ਲੋੜਵੰਦਾਂ ਦੀ ਮਦਦ ਕਰਨਾ ਸਿਖਾਇਆ ਹੈ, ਅਤੇ ਪੰਜਾਬ ਦੇ ਲੋਕ ਆਪਣੇ ਗੁਰੂਆਂ ਦੇ ਬਚਨਾਂ ਤੇ ਡੱਟ ਕੇ ਪਹਿਰਾ ਦਿੰਦੇ ਦੇਖੇ ਗਏ ਹਨ। ਉਨਾਂ ਨੇ ਦਾਨੀ ਸੱਜਣਾ ਨੂੰ ਅਪੀਲ ਕਰਦਿਆਂ ਆਖਿਆ ਕਿ ਹੁਣ ਪਾਣੀ ਉਰਤਨ ਦੇ ਬਾਅਦ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀਆਂ ਜਰੂਰਤਾਂ ਦੇ ਮੁਤਾਬਿਕ ਸੇਵਾਵਾਂ ਭੇਜੀਆਂ ਜਾਣ। ਇਸ ਮੌਕੇ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ, ਭਾਈ ਹਰਸ਼ਦੀਪ ਸਿੰਘ ਰੰਧਾਵਾ, ਗਿਆਨੀ ਸਾਹਿਬ ਸਿੰਘ, ਬਾਬਾ ਅਜੀਤ ਸਿੰਘ ਤਰਨਾ ਦਲ, ਭਾਈ ਪਰਮਿੰਦਰ ਸਿੰਘ, ਡਾ. ਅਵਤਾਰ ਸਿੰਘ ਬੁੱਟਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਸਮੇਤ ਹੋਰ ਵੀ ਸਿੰਘ ਵੀ ਮੌਜੂਦ ਸਨ।

### ਹੜ ਪ੍ਰਭਾਵਿਤ ਇਲਾਕਿਆਂ ਲਈ ਦੀ

# ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਵੱਲੋਂ ਲਗਾਇਆ ਗਿਆ ਦਵਾਈਆਂ ਦਾ ਲੰਗਰ




**ਤਲਵੰਡੀ ਸਾਬੋ, 18 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਦੀ ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਦੇ ਬਲਾਕ ਤਲਵੰਡੀ ਸਾਬੋ ਅਤੇ ਬਲਾਕ ਭੁੱਚੋ ਦੇ ਸਾਰੇ ਸਾਥੀਆਂ ਨੇ ਮਿਲ ਕੇ ਫਾਜ਼ਿਲਕਾ ਦੇ ਲਗਭਗ 12 ਪਿੰਡਾਂ ’ਚ ਘਰ-ਘਰ ਅਤੇ ਢਾਣੀਆਂ ਵਿੱਚ ਜਾ ਕੇ ਲੋੜਵੰਦਾਂ ਨੂੰ ਦਵਾਈਆਂ ਵੰਡੀਆਂ ਗਈਆਂ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਜੇਠੂਕੇ ਤੇ ਸੀਨੀਅਰ ਮੀਤ ਪ੍ਰਧਾਨ ਅਜੈਬ ਸਿੰਘ ਪੂਹਲਾ ਤੇ ਦੋਵੇਂ ਬਲਾਕਾਂ ਦੇ ਸਾਰੇ ਮੈਂਬਰਾਂ ਨੇ ਦਵਾਈਆਂ ਖਰੀਦਣ ਲਈ ਆਪਣਾ ਬਣਦਾ ਯੋਗਦਾਨ ਪਾਇਆ ਜਿਸ ਵਿੱਚ ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਮੀਤ ਪ੍ਰਧਾਨ ਹਰਚਰਨ ਸਿੰਘ ਚੱਠਾ ਬੰਗੀ, ਪ੍ਰੈਸ ਸਕੱਤਰ ਬਲਕਾਰ ਸਿੰਘ ਜੱਸਲ, ਸਕੱਤਰ ਪਰਵਿੰਦਰ ਸਿੰਘ ਗਿਆਨਾ, ਮੰਦਰ ਸਿੰਘ ਫੁੱਲੋਖਾਰੀ, ਸ਼ਿਵਰਾਜ ਸਿੰਘ ਸੁਖਲੱਧੀ, ਇਕਬਾਲ ਸਿੰਘ ਫੌਜੀ, ਸੁਰਜੀਤ ਸਿੰਘ ਲਾਲਪੱਤ ਲੈਬ ਬਠਿੰਡਾ, ਬਲਾਕ ਭੁੱਚੋ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਕਲਿਆਣ, ਮੀਤ ਪ੍ਰਧਾਨ ਰਣਪ੍ਰੀਤ ਵਿੱਕੀ, ਫ਼ਤਹਿ ਸਿੱਧੂ ਅਤੇ ਤਰਲੋਚਨ ਸਿੰਘ ਅਤੇ ਸਾਰੇ ਸਾਥੀਆਂ ਨੇ ਜਾ ਕੇ ਲੋੜਵੰਦਾਂ ਦੀ ਸੇਵਾ ਕੀਤੀ। ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ ਨੇ ਦੱਸਿਆ ਕਿ ਇਹਨਾਂ ਪਿੰਡਾਂ ਦਾ ਬਹੁਤ ਬੁਰਾ ਹਾਲ ਹੈ, ਇਹਨਾਂ ਪਿੰਡਾਂ ਨੂੰ ਜੇਕਰ ਲੋੜ ਹੈ ਤਾਂ ਦਵਾਈਆਂ, ਪਸ਼ੂਆਂ ਲਈ ਦਵਾਈਆਂ ਦੀ ਲੋੜ ਹੈ, ਕਿਉਂਕਿ ਪਾਣੀ ਸੁੱਕ ਜਾਣ ਤੋਂ ਬਾਅਦ ਜਿੱਥੇ ਬਿਮਾਰੀਆਂ ਫੈਲਣ ਦਾ ਖ਼ਦਸ਼ਾ ਹੈ ਉਥੇ ਜ਼ਮੀਨਾਂ ਨੂੰ ਪੱਧਰਾ ਕਰਨ ਲਈ ਸਾਧਨਾਂ, ਮਸੀਨਰੀ ਦੀ ਜ਼ਰੂਰਤ ਹੈ। ਉਹਨਾਂ ਸਮਾਜ ਸੇਵੀਆਂ, ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਬਾਰਡਰ ਖੇਤਰ ਦੇ ਇਹਨਾਂ ਪਿੰਡਾਂ ਵਿਚ ਦਵਾਈਆਂ ਦੇ ਲੰਗਰ ਜ਼ਰੂਰ ਲਗਾਏ ਜਾਣ ਤਾਂ ਕਿ ਇੰਮਾਰੀਆਂ ਤੋਂ ਇਹਨਾਂ ਪਿੰਡਾਂ ਨੂੰ ਬਚਾਇਆ ਜਾ ਸਕੇ।

# ਰਐਡਵੋਕੇਟ ਅਰਜੁਨ ਵੋਹਰਾ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਦੇ ਬਣੇ ਮੈਂਬਰ



**ਚੌਂਕ ਮਹਿਤਾ 18ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਐਡਵੋਕੇਟ ਜਸਪ੍ਰੀਤ ਸਿੰਘ ਬਾਠ , ਵਾਇਸ ਪ੍ਰਧਾਨ ਐਡਵੋਕੇਟ ਸਰਬਜੀਤ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਤੇ ਸੈਕਟਰੀ ਐਡਵੋਕੇਟ ਰਾਜਕੰਵਲਬੀਰ ਸਿੰਘ ਸੰਧੂ ਦੀ ਅਗਵਾਈ ਅਤੇ ਸਮੂਹ ਵਕੀਲ ਸਾਹਿਬਾਨਾਂ ਦੀ ਹਾਜ਼ਰੀ ਵਿੱਚ ਐਡਵੋਕੇਟ ਅਰਜੁਨ ਵੋਹਰਾ ਨੂੰ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਸਾਹਿਬ ’ਚ ਸ਼ਾਮਲ ਕੀਤਾ ਗਿਆ । ਇਸ ਮੌਕੇ ਬਾਰ ਐਸੋਸੀਏਸ਼ਨ ਬਾਬਾ ਬਕਾਲਾ ਦੇ ਸਮੂਹ ਮੈਂਬਰ ਸਾਹਿਬਾਨਾਂ ਨੇ ਨਵੇ ਬਣੇ ਮੈਂਬਰ ਐਡਵੋਕੇਟ ਅਰਜੁਨ ਵੋਹਰਾ ਨੂੰ ਮੁਬਾਰਕਾਂ ਦਿੱਤੀਆ। ਨਵੇ ਬਣੇ ਮੈਂਬਰ ਐਡਵੋਕੇਟ ਅਰਜੁਨ ਵੋਹਰਾ ਸੀਨੀਅਰ ਐਡਵੋਕੇਟ ਸੁਖਦੇਵ ਸਿੰਘ ਟਪਿਆਲਾ ਜੀ ਦੇ ਨਾਲ ਚੈਂਬਰ ਨੰ 25 ਵਿੱਚ ਬੈਠਿਆ ਕਰਨਗੇ । ਇਸ ਮੌਕੇ ਐਡਵੋਕੇਟ ਵੀ.ਕੇ ਮਲਹੋਤਰਾ, ਐਡਵੋਕੇਟ ਹਰਜੋਤ ਕੌਰ ਲਹੌਰੀਆ, ਐਡਵੋਕੇਟ ਦਲਬੀਰ ਸਿੰਘ ਬਾਠ, ਐਡਵੋਕੇਟ ਸਵਿੰਦਰ ਸਿੰਘ ਰੰਧਾਵਾ, ਐਡਵੋਕੇਟ ਵੀ.ਕੇ ਜਸਵਾਲ, ਐਡਵੋਕੇਟ ਰਣਜੀਤ ਸਿੰਘ ਰਾਣਾ, ਐਡਵੋਕੇਟ ਹਰਪ੍ਰੀਤ ਸਿੰਘ ਸੇਖੋ, ਐਡਵੋਕੇਟ ਬਿਕਰਮਜੀਤ ਸਿੰਘ ਬਾਠ, ਐਡਵੋਕੇਟ ਪ੍ਰਵੀਨਪਾਲ ਸਿੰਘ ਭਲਾਈਪੁਰ, ਐਡਵੋਕੇਟ ਵਿਜੈ ਕੁਮਾਰ, ਐਡਵੋਕੇਟ ਦਲਬੀਰ ਸਿੰਘ ਬੇਦੀ, ਐਡਵੋਕੇਟ ਹਰਪ੍ਰੀਤ ਸਿੰਘ ਬੱਲ, ਐਡਵੋਕੇਟ ਵਰਿੰਦਰ ਸਿੰਘ, ਐਡਵੋਕੇਟ ਹਰਪ੍ਰੀਤ ਸਿੰਘ, ਐਡਵੋਕੇਟ ਮਨਪ੍ਰੀਤ ਸਿੰਘ ਚਾਹਲ, ਐਡਵੋਕੇਟ ਗੁਰਏਂਜਲ ਸਿੰਘ ਮਾਨ, ਐਡਵੋਕੇਟ ਸਰਬਜੀਤ ਸਿੰਘ ਢਿੱਲੋਂ, ਐਡਵੋਕੇਟ ਦਲਜੀਤ ਸਿੰਘ ਸ਼ੇਰਗਿੱਲ, ਐਡਵੋਕੇਟ ਸੁਖਰਾਜ ਸਿੰਘ ਸਭਰਵਾਲ ਤੇ ਸਮੂਹ ਵਕੀਲ ਸਾਹਿਬਾਨ ਹਾਜ਼ਰ ਸਨ।

# ਹੜ੍ਹ ਪੀੜਤਾਂ ਲਈ ਅੱਗੇ ਆਈ ਗੁਰੂ ਕਾਸ਼ੀ ਯੂਨੀਵਰਸਿਟੀ, ਮੁੱਖ ਮੰਤਰੀ ਰਾਹਤ ਫੰਡ ਵਿੱਚ ਪਾਇਆ 11 ਲੱਖ ਰੁਪਏ ਦਾ ਯੋਗਦਾਨ



**ਤਲਵੰਡੀ ਸਾਬੋ, 18 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਅਕਾਦਮਿਕ ਖੇਤਰ ਦੇ ਨਾਲ ਨਾਲ ਮਨੁੱਖਤਾ ਦੀ ਸੇਵਾ ਵਿੱਚ ਮੋਹਰੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਪੰਜਾਬ ਹੜ੍ਹ ਪੀੜ੍ਹਤਾਂ ਲਈ 11 ਲੱਖ ਰੁਪਏ ਦਾ ਚੈੱਕ ਪੰਜਾਬ ਦੇ ਚੀਫ ਸੈਕਰੇਟਰੀ ਸ਼੍ਰੀ ਕੇ.ਏ.ਪੀ. ਸਿਨਹਾ ਨੂੰ ਸੌਂਪਿਆ। ਇਸ ਮੌਕੇ ਚੀਫ਼ ਸੈਕਰੇਟਰੀ ਨੇ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਕਿਹਾ ਲੋੜਵੰਦਾਂ ਦੀ ਮਦਦ ਲਈ ਸਮੂਹ ਪੰਜਬੀਆਂ ਨੂੰ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਚਾਂਸਲਰ ਸ. ਸਿੱਧੂ ਨੇ ਕਿਹਾ ਕਿ ਯੂਨੀਵਰਸਿਟੀ ਦੀ ਸਮੂਹ ਪ੍ਰਬੰਧਕ ਕਮੇਟੀ, ਅਧਿਕਾਰੀ, ਫੈਕਲਟੀ ਮੈਂਬਰ, ਸਟਾਫ ਅਤੇ ਵਿਦਿਆਰਥੀ ਪੰਜਾਬ ਦੇ ਹੜ੍ਹ ਪੀੜਤਾਂ ਦੇ ਇਸ ਦੁੱਖ ਵਿੱਚ ਪੂਰੀ ਤਰ੍ਹਾਂ ਸ਼ਾਮਿਲ ਹਨ। ਮੁਸੀਬਤ ਦੀ ਇਸ ਘੜੀ ਵਿੱਚ ਉਹ ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਅਤੇ ਸਥਾਨਕ ਪ੍ਰਸ਼ਾਸਨ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਨ। ਉਨ੍ਹਾਂ ਹੜ੍ਹ ਪੀੜਤਾਂ ਦੇ ਮੁੜ ਵਸੇਬੇ ਲਈ ਸਹਿਯੋਗ ਦੀ ਗੱਲ ਕਹੀ।ਇਸ ਮੌਕੇ ਵਾਈਸ ਚਾਂਸਲਰ ਪ੍ਰੋ.(ਡਾ.) ਰਾਮੇਸ਼ਵਰ ਸਿੰਘ ਨੇ ਦੱਸਿਆ ਕਿ ਗੁਰੂ ਕਾਸ਼ੀ ਯੂਨੀਵਰਸਿਟੀ ਹਮੇਸ਼ਾ ਜਨ ਸੇਵਾ ਅਤੇ ਲੋਕ ਹਿੱਤ ਦੇ ਕਾਰਜਾਂ ਵਿੱਚ ਮੋਹਰੀ ਰਹੀ ਹੈ। ਉਨ੍ਹਾਂ ਕਰੋਨਾ ਕਾਲ ਸਮੇਂ ਗੁਰੂ ਕਾਸ਼ੀ ਯੂਨੀਵਰਸਿਟੀ ਪਰਿਵਾਰ ਵੱਲੋਂ ਲੋਕ ਸੇਵਾ ਲਈ ਕੀਤੇ ਕਾਰਜਾਂ ਦਾ ਵੇਰਵਾ ਸਾਂਝਾ ਕਰਦੇ ਹੋਏ ਕਿਹਾ ਕਿ ਸੰਕਟ ਦੀ ਇਸ ਘੜੀ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਪਰਿਵਾਰ ਦਾ ਹਰ ਮੈਂਬਰ ਆਪਣੀ ਸਮਰੱਥਾ ਅਨੁਸਾਰ ਸਹਿਯੋਗ ਦੇਣ ਲਈ ਤਤਪਰ ਹੈ। ਉਨ੍ਹਾਂ ਸਮੂਹ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਮੁੱਖ ਮੰਤਰੀ ਰਾਹਤ ਫੰਡ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਲਈ ਪ੍ਰੇਰਿਤ ਕੀਤਾ।

# ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ ਦੇ ਦੂਜੇ ਸੰਸਕਰਣ ਦਾ ਐਲਾਨ

## ਰਜਿਸਟ੍ਰੇਸ਼ਨ mybharat.gov.in ਪੋਰਟਲ ‘ਤੇ ਖੁੱਲ੍ਹੀ, ਕਵਿਜ਼ ਰਾਊਂਡ ਲਈ ਆਖਰੀ ਮਿਤੀ ਹੈ 15 ਅਕਤੂਬਰ

ਸੰਗਰੂਰ ( ਰਣਜੀਤ ਸਿੰਘ ਪੇਧਨੀ )- ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਨੇ ਵਿਕਸਿਤ ਭਾਰਤ ਯੰਗ ਲੀਡਰਜ਼ ਡਾਇਲਾਗ ਦਾ ਦੂਜਾ ਸੰਸਕਰਣ ਐਲਾਨਿਆ ਹੈ। ਇਹ ਇੱਕ ਮਹੱਤਵਪੂਰਨ ਪਲੇਟਫਾਰਮ ਹੈ, ਜਿਸ ‘ਤੇ ਦੇਸ਼ ਦੇ ਨੌਜਵਾਨ (ਉਮਰ 15-29 ਸਾਲ) ਸਿੱਧੇ ਹੀ ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਸਾਹਮਣੇ ਆਪਣੇ ਵਿਚਾਰ ਪੇਸ਼ ਕਰ ਸਕਣਗੇ। ਨਹਿਰੂ ਯੁਵਾ ਕੇਂਦਰ ਸੰਗਰੂਰ ਦੇ ਯੂਥ ਅਫ਼ਸਰ ਸ੍ਰੀ ਰਾਜੀਵ ਸੈਣੀ ਨੇ ਦੱਸਿਆ ਕਿ ਪਹਿਲੇ ਸੰਸਕਰਣ ਦੀ ਬੇਹੱਦ ਸਫਲਤਾ ਤੋਂ ਬਾਅਦ, ਜਿਸ ਵਿੱਚ 30 ਲੱਖ ਤੋਂ ਵੱਧ ਨੌਜਵਾਨ ਸ਼ਾਮਲ ਹੋਏ, 2026 ਦਾ ਸੰਸਕਰਣ ਨਵੇਂ ਟਰੈਕਾਂ ਜਿਵੇਂ ਕਿ ’ਡਿਜ਼ਾਈਨ ਫ਼ਾਰ ਭਾਰਤ’ ਅਤੇ ’ ਟੈੱਕ ਫ਼ਾਰ ਵਿਕਸਿਤ ਭਾਰਤ – ਹੈਕ ਫ਼ਾਰ ਏ ਸੋਸ਼ਲ ਕੌਜ਼’ ਨਾਲ ਹੋਰ ਵੀ ਵਿਸ਼ੇਸ਼ ਹੋਵੇਗਾ। ਇਸ ਵਿੱਚ ਪਹਿਲੀ ਵਾਰ ਅੰਤਰਰਾਸ਼ਟਰੀ ਯੁਵਕ ਵੀ ਭਾਗ ਲੈਣਗੇ। ਕਵਿਜ਼, ਲੇਖ, ਪੀ ਪੀ ਟੀ ਚੈਲੇਂਜ ਅਤੇ ਸੱਭਿਆਚਾਰਕ ਮੁਕਾਬਲਿਆਂ ਦੀ ਲੜੀ ਤੋਂ ਬਾਅਦ ਇਸਦਾ ਗ੍ਰੈਂਡ ਫਾਈਨਲ ਦਿੱਲੀ ਵਿੱਚ 10-12 ਜਨਵਰੀ 2026 ਨੂੰ ਹੋਵੇਗਾ, ਜਿਸ ਵਿੱਚ 3,000 ਨੌਜਵਾਨ ਨੇਤਾ ਇਕੱਠੇ ਹੋਣਗੇ। ਉਹਨਾਂ ਕਿਹਾ ਕਿ ਰਜਿਸਟ੍ਰੇਸ਼ਨ ਮਾਈ ਭਾਰਤ ਪੋਰਟਲ ‘ਤੇ ਖੁੱਲ੍ਹੀ ਹੋਈ ਹੈ।ਕਵਿਜ਼ ਰਾਊਂਡ ਲਈ ਆਖਰੀ ਮਿਤੀ 15 ਅਕਤੂਬਰ 2025 ਹੈ। ਉਹਨਾਂ ਕਿਹਾ ਕਿ ਹੋਰ ਜਾਣਕਾਰੀ ਜਾਂ ਸਹਾਇਤਾ ਲਈ ਇਸ ਦਫ਼ਤਰ ਨਾਲ ਸੰਪਰਕ (8279508167) ਜਾਂ ਈਮੇਲ ਰਾਹੀਂ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ
29ਵਾਂ
ਸਲਾਨਾ ਗੁਰਮਤਿ ਸਮਾਗਮ
ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ
20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ
ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।
ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।
1 ਨਵੰਬਰ 2025 ਦਿਨ ਸ਼ਨੀਵਾਰ ਨੂੰ
ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ
ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ
ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ
ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ
ਮੋ: 98141-27470, 73408-35137
ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404
ਆਵਾਜ਼ਿ ਕੌਮ
AWAZE QAUM
International Newspaper & WEB TV

# ਉਤਰਾਖੰਡ 'ਚ ਮੁੜ ਮਚਿਆ ਹਾਹਾਕਾਰ; ਚਮੋਲੀ 'ਚ ਬੱਦਲ ਫਟਣ ਕਾਰਨ 12 ਘਰ ਮਲਬੇ ਹੇਠ ਦੱਬੇ, ਕਈ ਲਾਪਤਾ



**ਦੇਹਰਾਦੂਨ (ਉਤਰਾਖੰਡ), 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੁਦਰਤ ਦਾ ਕਹਿਰ ਇੱਕ ਵਾਰ ਫਿਰ ਉਤਰਾਖੰਡ 'ਤੇ ਆਇਆ ਹੈ। ਦੇਹਰਾਦੂਨ ਵਿੱਚ ਆਏ ਹੜ੍ਹ ਤੋਂ ਬਾਅਦ, ਚਮੋਲੀ ਜ਼ਿਲ੍ਹੇ ਵਿੱਚ ਬੱਦਲ ਫਟਣ ਨਾਲ ਸਥਿਤੀ ਹੋਰ ਵੀ ਵਿਗੜ ਗਈ ਹੈ। ਬੁੱਧਵਾਰ ਰਾਤ ਨੰਦਾਨਗਰ ਘਾਟ ਖੇਤਰ ਵਿੱਚ ਬੱਦਲ ਫਟਣ ਨਾਲ ਕਾਫ਼ੀ ਨੁਕਸਾਨ ਹੋਇਆ। ਬੱਦਲ ਫਟਣ ਨਾਲ ਭਿਆਨਕ ਹੜ੍ਹ ਵੀ ਆਇਆ। ਕਈ ਘਰ ਮਲਬੇ ਹੇਠ ਦੱਬ ਗਏ। ਸੱਤ ਲੋਕਾਂ ਦੇ ਲਾਪਤਾ ਹੋਣ ਦੀ ਖ਼ਬਰ ਹੈ। ਚਮੋਲੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਸੰਦੀਪ ਤਿਵਾੜੀ ਨੇ ਏਐਨਆਈ ਨੂੰ ਦੱਸਿਆ ਕਿ ਨੰਦਾਨਗਰ ਦੇ ਕੁੰਤਰੀ ਪਿੰਡ ਵਿੱਚ ਛੇ ਘਰ ਮਲਬੇ ਹੇਠ ਦੱਬ ਗਏ ਹਨ। ਸੱਤ ਲੋਕ ਲਾਪਤਾ ਹਨ, ਜਦੋਂ ਕਿ ਦੋ ਨੂੰ ਬਚਾ ਲਿਆ ਗਿਆ ਹੈ। ਸਥਾਨਕ ਪ੍ਰਸ਼ਾਸਨ, ਪੁਲਿਸ ਅਤੇ ਆਫ਼ਤ ਪ੍ਰਬੰਧਨ ਟੀਮਾਂ ਮੌਕੇ 'ਤੇ ਮੌਜੂਦ ਹਨ, ਅਤੇ ਬਚਾਅ ਅਤੇ ਰਾਹਤ ਕਾਰਜ ਜਾਰੀ ਹਨ। ਇਸ ਹਾਦਸੇ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਪਿੰਡ ਵਾਸੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਮੌਸਮ ਵਿਭਾਗ ਨੇ ਕੁਝ ਦਿਨਾਂ ਲਈ ਭਾਰੀ ਮੀਂਹ ਅਤੇ ਤੂਫ਼ਾਨ ਦੀ ਚੇਤਾਵਨੀ ਜਾਰੀ ਕੀਤੀ ਹੈ, ਜਿਸ ਕਾਰਨ ਪ੍ਰਸ਼ਾਸਨ ਨੂੰ ਆਪਣੀ ਚੌਕਸੀ ਵਧਾਉਣ ਲਈ ਕਿਹਾ ਗਿਆ ਹੈ। ਡੀਐਮ ਤਿਵਾੜੀ ਨੇ ਕਿਹਾ ਕਿ ਐਸਡੀਆਰਐਫ, ਐਨਡੀਆਰਐਫ ਅਤੇ ਸਥਾਨਕ ਤਹਿਸੀਲ ਟੀਮਾਂ ਨੂੰ ਪ੍ਰਭਾਵਿਤ ਖੇਤਰਾਂ ਵਿੱਚ ਭੇਜਿਆ ਗਿਆ ਹੈ। ਅਸੀਂ ਜੇਸੀਬੀ ਦੀ ਮਦਦ ਨਾਲ ਸੜਕਾਂ ਨੂੰ ਖੋਲ੍ਹਣ ਦੀ ਕੋਸ਼ਿਸ਼ ਕਰ ਰਹੇ ਹਾਂ। ਸਾਨੂੰ ਉਮੀਦ ਹੈ ਕਿ ਰਾਹਤ ਟੀਮਾਂ ਅਗਲੇ 30-45 ਮਿੰਟਾਂ ਵਿੱਚ ਪ੍ਰਭਾਵਿਤ ਖੇਤਰਾਂ ਵਿੱਚ ਪਹੁੰਚ ਜਾਣਗੀਆਂ। ਰਾਹਤ ਕੇਂਦਰਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਲੋਕਾਂ ਨੂੰ ਜਲਦੀ ਹੀ ਉੱਥੇ ਤਬਦੀਲ ਕਰ ਦਿੱਤਾ ਜਾਵੇਗਾ। ਇਸ ਹਾਦਸੇ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਫੈਲ ਗਈ। ਪਿੰਡ ਵਾਸੀਆਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਜਾ ਰਿਹਾ ਹੈ। ਮੌਸਮ ਵਿਭਾਗ ਨੇ ਕੁਝ ਦਿਨਾਂ ਲਈ ਭਾਰੀ ਮੀਂਹ ਅਤੇ ਤੂਫ਼ਾਨ ਦੀ ਚੇਤਾਵਨੀ ਜਾਰੀ ਕੀਤੀ ਹੈ, ਜਿਸ ਕਾਰਨ ਪ੍ਰਸ਼ਾਸਨ ਨੂੰ ਆਪਣੀ ਚੌਕਸੀ ਵਧਾਉਣ ਲਈ ਕਿਹਾ ਗਿਆ ਹੈ। ਡੀਐਮ ਤਿਵਾੜੀ ਨੇ ਕਿਹਾ ਕਿ ਐਸਡੀਆਰਐਫ, ਐਨਡੀਆਰਐਫ ਅਤੇ ਸਥਾਨਕ ਤਹਿਸੀਲ ਟੀਮਾਂ ਨੂੰ ਪ੍ਰਭਾਵਿਤ ਖੇਤਰਾਂ ਵਿੱਚ ਭੇਜਿਆ ਗਿਆ ਹੈ। ਅਸੀਂ ਜੇਸੀਬੀ ਦੀ ਮਦਦ ਨਾਲ ਸੜਕਾਂ ਨੂੰ ਖੋਲ੍ਹਣ ਦੀ ਕੋਸ਼ਿਸ਼ ਕਰ ਰਹੇ ਹਾਂ।

# ਟੈਰਿਫ ਤੋਂ ਬਾਅਦ ਡਰੱਗ ਤਸਕਰੀ ਨੂੰ ਲੈਕੇ ਐਕਸ਼ਨ 'ਚ ਟਰੰਪ, ਭਾਰਤ ਦੇ ਕਈ ਅਧਿਕਾਰੀਆਂ ਦਾ ਵੀਜ਼ਾ ਰੱਦ



**ਵਾਸ਼ਿੰਗਟਨ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਸਬੰਧੀ ਕਈ ਦੇਸ਼ਾਂ ਨੂੰ ਦਿੱਤੀ ਚੇਤਾਵਨੀ ਤੋਂ ਬਾਅਦ, ਹੁਣ ਕਾਰਵਾਈ ਕੀਤੀ ਗਈ ਹੈ। ਨਵੀਂ ਦਿੱਲੀ ਸਥਿਤ ਅਮਰੀਕੀ ਦੂਤਾਵਾਸ ਨੇ ਵੀਰਵਾਰ (18 ਸਤੰਬਰ, 2025) ਨੂੰ ਐਲਾਨ ਕੀਤਾ ਕਿ ਟਰੰਪ ਪ੍ਰਸ਼ਾਸਨ ਨੇ ਫੈਂਟਾਨਿਲ ਪੂਰਵਗਾਮੀਆਂ ਦੀ ਤਸਕਰੀ ਵਿੱਚ ਕਥਿਤ ਸ਼ਮੂਲੀਅਤ ਲਈ ਕੁਝ ਭਾਰਤੀ ਅਧਿਕਾਰੀਆਂ ਅਤੇ ਕਾਰਪੋਰੇਟ ਨੇਤਾਵਾਂ ਦੇ ਵੀਜ਼ੇ ਰੱਦ ਕਰ ਦਿੱਤੇ ਹਨ। ਇੱਕ ਦਿਨ ਪਹਿਲਾਂ (17 ਸਤੰਬਰ, 2025), ਸੰਯੁਕਤ ਰਾਜ ਅਮਰੀਕਾ ਨੇ ਭਾਰਤ ਨੂੰ ਉਨ੍ਹਾਂ 23 ਦੇਸ਼ਾਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਜਿੱਥੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦਾ ਉਤਪਾਦਨ ਅਤੇ ਤਸਕਰੀ ਹੁੰਦੀ ਹੈ। ਟਰੰਪ ਨੇ ਕਿਹਾ ਕਿ ਇਹ ਦੇਸ਼ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਅਤੇ ਉਨ੍ਹਾਂ ਦੇ ਨਿਰਮਾਣ ਵਿੱਚ ਵਰਤੇ ਜਾਣ ਵਾਲੇ ਰਸਾਇਣਾਂ ਦਾ ਉਤਪਾਦਨ ਅਤੇ ਤਸਕਰੀ ਕਰਕੇ ਸੰਯੁਕਤ ਰਾਜ ਅਮਰੀਕਾ ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਲਈ ਖ਼ਤਰਾ ਪੈਦਾ ਕਰਦੇ ਹਨ। ਸੰਯੁਕਤ ਰਾਜ ਅਮਰੀਕਾ ਨੇ ਕਿਹਾ ਕਿ ਉਹ ਇਸ ਸਬੰਧ ਵਿੱਚ ਸਾਰੇ ਦੇਸ਼ਾਂ ਦੀ ਨਿਗਰਾਨੀ ਕਰ ਰਿਹਾ ਹੈ। ਅਮਰੀਕੀ ਦੂਤਾਵਾਸ ਨੇ ਵੀਰਵਾਰ ਨੂੰ ਇੱਕ ਪ੍ਰੈਸ ਰਿਲੀਜ਼ ਜਾਰੀ ਕਰਕੇ ਕਿਹਾ ਕਿ ਅਮਰੀਕੀ ਲੋਕਾਂ ਨੂੰ ਖਤਰਨਾਕ ਸਿੰਥੈਟਿਕ ਡਰੱਗਜ਼ ਦੇ ਖ਼ਤਰੇ ਤੋਂ ਬਚਾਉਣ ਲਈ ਕੁਝ ਭਾਰਤੀ ਕੰਪਨੀ ਦੇ ਅਧਿਕਾਰੀਆਂ ਦੇ ਵੀਜ਼ੇ ਰੱਦ ਕਰ ਦਿੱਤੇ ਗਏ ਹਨ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਇਸ ਫੈਸਲੇ ਨਾਲ ਕੁਝ ਕਾਰੋਬਾਰੀ ਸਹਿਯੋਗੀਆਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸੰਯੁਕਤ ਰਾਜ ਅਮਰੀਕਾ ਦੀ ਯਾਤਰਾ ਕਰਨ ਦੇ ਅਯੋਗ ਬਣਾ ਦਿੱਤਾ ਜਾਵੇਗਾ। ਅਮਰੀਕਾ ਵਿੱਚ ਵੀਜ਼ਾ ਲਈ ਅਰਜ਼ੀ ਦੇਣ ਵੇਲੇ ਦੂਤਾਵਾਸ ਵੱਲੋਂ ਫੈਂਟੇਨਾਈਲ ਪ੍ਰੀਕਰਸਰ ਦੀ ਤਸਕਰੀ ਵਿੱਚ ਸ਼ਾਮਲ ਕੰਪਨੀਆਂ ਦੇ ਅਧਿਕਾਰੀਆਂ ਦੀ ਪਛਾਣ ਵੀ ਕੀਤੀ ਜਾਵੇਗੀ। ਅਮਰੀਕੀ ਦੂਤਾਵਾਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਨਜਿੱਠਣ ਵਿੱਚ ਭਾਰਤ ਸਰਕਾਰ ਦੇ ਸਹਿਯੋਗ ਲਈ ਧੰਨਵਾਦ ਵੀ ਕੀਤਾ। ਅਮਰੀਕੀ ਦੂਤਾਵਾਸ ਨੇ ਕਿਹਾ, "ਅਮਰੀਕਾ ਵਿੱਚ ਨਸ਼ੀਲੇ ਪਦਾਰਥਾਂ ਦੇ ਗੈਰ-ਕਾਨੂੰਨੀ ਉਤਪਾਦਨ ਅਤੇ ਤਸਕਰੀ ਵਿੱਚ ਸ਼ਾਮਲ ਵਿਅਕਤੀਆਂ, ਸੰਗਠਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਗੰਭੀਰ ਨਤੀਜੇ ਭੁਗਤਣੇ ਪੈਣਗੇ।" ਟਰੰਪ ਨੇ ਚੇਤਾਵਨੀ ਦਿੱਤੀ, "ਜਿਨ੍ਹਾਂ ਦੇਸ਼ਾਂ ਤੋਂ ਇਹ ਨਸ਼ੇ ਪੈਦਾ ਹੁੰਦੇ ਹਨ ਅਤੇ ਜਿਨ੍ਹਾਂ ਤੱਕ ਇਹ ਪਹੁੰਚਦੀ ਹੈ, ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀਆਂ ਕਰਨੀਆਂ ਚਾਹੀਦੀਆਂ ਹਨ ਅਤੇ ਇਨ੍ਹਾਂ ਨਸ਼ਿਆਂ ਦੀ ਸਪਲਾਈ ਬੰਦ ਕਰਨੀ ਚਾਹੀਦੀ ਹੈ। ਅਜਿਹਾ ਕਰਨ ਵਿੱਚ ਅਸਫਲ ਰਹਿਣ ਦੇ ਨਤੀਜੇ ਗੰਭੀਰ ਹੋਣਗੇ।"

# ਪ੍ਰਧਾਨ ਮੰਤਰੀ ਆਵਾਸ ਯੋਜਨਾ ਦਾ ਦਾਇਰਾ ਵਧਾਉਣ ਲਈ ਮੰਨਾ ਤੇ ਹਰਦੀਪ ਗਿੱਲ ਵੱਲੋਂ ਕੇਂਦਰੀ ਮੰਤਰੀ ਨਾਲ ਮੁਲਾਕਾਤ

## ਕੇਂਦਰ ਦੀ ਕੈਬਨਿਟ ਵਿੱਚ ਪ੍ਰਸਤਾਵ ਰੱਖਣਗੇ ਕੇਂਦਰੀ ਮੰਤਰੀ ਸ਼ਿਵਰਾਜ ਚੌਹਾਨ



**ਜੰਡਿਆਲਾ ਗੁਰੂ , 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਾਬਾ ਬਕਾਲਾ ਤੋਂ ਸਾਬਕਾ ਵਿਧਾਇਕ ਮਨਜੀਤ ਸਿੰਘ ਮੰਨਾ ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ ਹਰਦੀਪ ਸਿੰਘ ਗਿੱਲ ਇੰਚਾਰਜ ਹਲਕਾ ਜੰਡਿਆਲਾ ਗੁਰੂ ਵੱਲੋਂ ਕੇਂਦਰੀ ਖੇਤੀਬਾੜੀ ਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਦਿੱਲੀ ਵਿਖੇ ਮੁਲਾਕਾਤ ਕਰਕੇ ਹੜ੍ਹਾਂ ਦੀ ਮਾਰ ਨਾਲ ਗ਼ਰੀਬ ਵਰਗ ਦੇ ਕੱਚੇ ਘਰਾਂ ਦੇ ਹੋਏ ਨੁਕਸਾਨ ਪ੍ਰਤੀ ਵਿਚਾਰ ਚਰਚਾ ਕਰਦੇ ਹੋਏ ਇਨ੍ਹਾਂ ਪਰਿਵਾਰਾਂ ਦੀ ਮਦਦ ਲਈ ਕੇਂਦਰ ਦੀ ਭਾਜਪਾ ਸਰਕਾਰ ਨੂੰ ਅਪੀਲ ਕੀਤੀ। ਮੰਨਾ ਤੇ ਹਰਦੀਪ ਗਿੱਲ ਵੱਲੋਂ ਕੇਂਦਰੀ ਮੰਤਰੀ ਸ਼ਿਵਰਾਜ ਚੌਹਾਨ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਪੰਜਾਬ ਵਿੱਚ 32 ਫ਼ੀਸਦੀ ਦਲਿਤ ਆਬਾਦੀ ਹੈ ਜਿਨ੍ਹਾਂ ਵਿੱਚੋਂ ਜ਼ਿਆਦਾਤਰ ਦੇ ਘਰ ਕੱਚੇ ਹਨ, ਪੂਰੇ ਪੰਜਾਬ ਵਿੱਚ ਲੋਕਾਂ ਦੇ ਕੱਚੇ ਘਰਾਂ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਹੈ, ਉਨ੍ਹਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਕੋਲ ਕੋਈ ਵੀ ਅਜਿਹੀ ਸਕੀਮ ਨਹੀਂ ਹੈ ਜਿਸ ਨਾਲ ਲੋਕਾਂ ਨੂੰ ਮਦਦ ਮਿਲ ਸਕੇ। ਇਸ ਲਈ ਕੇਂਦਰ ਦੀ ਭਾਜਪਾ ਸਰਕਾਰ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਦਾ ਘੇਰਾ ਵਿਸ਼ਾਲ ਕਰਨ ਦੀ ਜ਼ਰੂਰਤ ਹੈ ਤਾਂ ਜੋ ਜ਼ਰੂਰਤਮੰਦ ਲੋਕਾਂ ਤੱਕ ਕੇਂਦਰ ਦੀ ਸਕੀਮ ਨਾਲ ਸਿੱਧੀ ਮਦਦ ਮਿਲ ਸਕੇ ਅਤੇ ਲੋਕ ਦੁਬਾਰਾ ਆਪਣੇ ਘਰ ਖੜ੍ਹੇ ਕਰ ਸਕਣ। ਮੰਨਾ ਤੇ ਹਰਦੀਪ ਗਿੱਲ ਨੇ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਅਸੀਂ ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਵਿੱਚ ਕੁਝ ਵਿਸ਼ੇਸ਼ ਪ੍ਰਬੰਧ ਕਰਕੇ ਗ਼ਰੀਬ ਪਰਿਵਾਰਾਂ ਤੱਕ ਮਦਦ ਪਹੁੰਚਾਉਣ ਦਾ ਰਾਹ ਪੱਧਰਾ ਕੀਤਾ ਜਾਵੇ ਜਿਸ 'ਤੇ ਮੰਤਰੀ ਸ਼ਿਵਰਾਜ ਚੌਹਾਨ ਨੇ ਸਾਨੂੰ ਭਰੋਸਾ ਦਿਵਾਇਆ ਹੈ ਕਿ ਉਹ ਇਹ ਮਾਮਲਾ ਜਿੱਥੇ ਕੈਬਨਿਟ ਦੀ ਮੀਟਿੰਗ ਵਿੱਚ ਰੱਖਣਗੇ ਉੱਥੇ ਹੀ ਇਸ ਪ੍ਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਵੀ ਗੱਲ ਕਰਨਗੇ ਤਾਂ ਜੋ ਕਿਸੇ ਵਿਸ਼ੇਸ਼ ਸਕੀਮ ਨਾਲ ਗ਼ਰੀਬ ਲੋਕਾਂ ਤੱਕ ਕੇਂਦਰ ਸਰਕਾਰ ਦੀ ਮਦਦ ਨੂੰ ਸਿੱਧਾ ਪਹੁੰਚਾਇਆ ਜਾ ਸਕੇ। ਹਰਦੀਪ ਗਿੱਲ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਮਨਰੇਗਾ ਵਿੱਚ ਕੀਤੀ ਜਾ ਰਹੀ ਧੱਕੇਸ਼ਾਹੀ ਪ੍ਰਤੀ ਵੀ ਗੱਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਵਿੱਚ ਕੰਮ ਉਨ੍ਹਾਂ ਨੂੰ ਹੀ ਦਿੱਤਾ ਜਾ ਰਿਹਾ ਹੈ ਜੋ ਪੰਜਾਬ ਸਰਕਾਰ ਦੇ ਚਹੇਤੇ ਹਨ ਜਦੋਂ ਕਿ ਭਾਜਪਾ ਨਾਲ ਜੁੜੇ ਲੋਕਾਂ ਨੂੰ ਇਸ ਸਕੀਮ ਤੋਂ ਵੀ ਬਾਹਰ ਕੱਢਿਆ ਜਾ ਰਿਹਾ ਹੈ, ਜਿਸ ਪ੍ਰਤੀ ਸੰਬੰਧਿਤ ਅਫ਼ਸਰਾਂ ਦੀ ਜਵਾਬਦੇਹੀ ਤੈਅ ਹੋਣੀ ਚਾਹੀਦੀ ਹੈ। ਹਰਦੀਪ ਗਿੱਲ ਨੇ ਦੱਸਿਆ ਕਿ ਮੰਤਰੀ ਸ਼ਿਵ ਰਾਜ ਚੌਹਾਨ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਹੈ ਕਿ ਪੰਜਾਬ ਦੇ ਲੋਕਾਂ ਦੀ ਮਦਦ ਕਰਨ ਵਿੱਚ ਕੇਂਦਰ ਸਰਕਾਰ ਵੱਲੋਂ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਜਿਹੜੇ ਅਫਸਰ ਮਨਰੇਗਾ ਵਿੱਚ ਧੱਕੇਸ਼ਾਹੀ ਕਰ ਰਹੇ ਹਨ ਉਨ੍ਹਾਂ ਨੂੰ ਵੀ ਸਬਕ ਸਿਖਾਇਆ ਜਾਵੇਗਾ।......

ਆਵਾਜ਼ਿ ਕੌਮ AWAZE QAUM International Newspaper & WEB TV

# ਰਾਹੁਲ ਗਾਂਧੀ ਦਾ ਲੋਕਤੰਤਰ ਨਾਲ ਖੇਡਣਾ ਇੱਕ ਵਾਰ ਫਿਰ ਬੇਨਕਾਬ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਪੰਜਾਬ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ "ਰਾਹੁਲ ਗਾਂਧੀ ਦੀ ਰਾਜਨੀਤੀ ਲੋਕਤੰਤਰ ਨੂੰ ਬਚਾਉਣ ਲਈ ਨਹੀਂ, ਕੇਵਲ ਭਾਜਪਾ ਦਾ ਵਿਰੋਧ ਕਰਨਾ ਹੈ। ਪਰ ਉਨ੍ਹਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਭਾਰਤ ਦਾ ਲੋਕਤੰਤਰ ਬਹੁਤ ਮਜ਼ਬੂਤ ਹੈ ਅਤੇ ਨਰਿੰਦਰ ਮੋਦੀ ਸਰਕਾਰ ਲੋਕਤੰਤਰ ਦੀ ਰੱਖਿਆ ਲਈ ਵਚਨਬੱਧ ਹੈ। ਕਾਂਗਰਸ ਲੋਕਤੰਤਰ ਦੀ ਬਜਾਏ ਸਿਰਫ਼ ਆਪਣੇ ਵੋਟ ਬੈਂਕ ਲਈ ਖੇਡ ਰਹੀ ਹੈ। ਭਾਜਪਾ ਲੋਕਤੰਤਰ ਦੀ ਰੱਖਿਆ ਕਰ ਰਹੀ ਹੈ, ਕਾਂਗਰਸ ਘੁਸਪੈਠੀਆਂ ਨੂੰ ਬਚਾ ਰਹੀ ਹੈ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕਾਂਗਰਸੀ ਨੇਤਾ ਰਾਹੁਲ ਗਾਂਧੀ ਵੱਲੋਂ ਰਾਜਨੀਤਿਕ ਲਾਭ ਲਈ ਸੰਵਿਧਾਨਕ ਸੰਸਥਾਵਾਂ 'ਤੇ ਬੇਬੁਨਿਆਦ ਦੋਸ਼ ਲਗਾਉਣਾ ਦੇਸ਼ ਦੇ ਹਿੱਤ ਵਿੱਚ ਨਹੀਂ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ 'ਤੇ ਬੇਬੁਨਿਆਦ ਦੋਸ਼ ਲਗਾਉਣ ਤੋਂ ਤੁਰੰਤ ਬਾਅਦ, ਚੋਣ ਕਮਿਸ਼ਨ ਵੱਲੋਂ ਤੱਥਾਂ ਦੇ ਆਧਾਰ 'ਤੇ ਉਨ੍ਹਾਂ ਦੇ ਝੂਠੇ ਦੋਸ਼ਾਂ ਨੂੰ ਰੱਦ ਕਰਨ ਨਾਲ ਇੱਕ ਵਾਰ ਫਿਰ ਰਾਹੁਲ ਗਾਂਧੀ ਦੇ ਲੋਕਤੰਤਰ ਨਾਲ ਖੇਡਣਾ ਬੇਨਕਾਬ ਹੋ ਗਿਆ ਹੈ । ਇਹ ਸੱਚਾਈ ਸਾਹਮਣੇ ਆ ਗਈ ਹੈ ਕਿ ਉਹ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਝੂਠੇ ਦੋਸ਼ ਲਗਾਉਣਾ, ਸੰਵਿਧਾਨਕ ਸੰਸਥਾਵਾਂ 'ਤੇ ਹਮਲਾ ਕਰਨਾ ਅਤੇ ਫਿਰ ਭੱਜਣਾ ਰਾਹੁਲ ਗਾਂਧੀ ਦੀ ਰਾਜਨੀਤਿਕ ਫ਼ਿਤਰਤ ਹੈ। ਉਹ ਕਦੇ ਕਦੇ ਘੁਸਪੈਠੀਆਂ ਲਈ, ਕਦੇ ਸ਼ਹਿਰੀ ਨਕਸਲੀਆਂ ਲਈ, ਕਦੇ ਆਪਣੇ ਵੋਟ ਬੈਂਕ ਲਈ ਭਾਰਤ ਦੀਆਂ ਸੰਸਥਾਵਾਂ ਨੂੰ ਬਦਨਾਮ ਕਰਦੇ ਹਨ। ਪਰ ਦੇਸ਼ ਦੀ ਜਨਤਾ ਅਤੇ ਸੰਵਿਧਾਨਕ ਸੰਸਥਾਵਾਂ ਹੁਣ ਮਿੰਟਾਂ ਵਿੱਚ ਅਜਿਹੇ ਸਾਰੇ ਡਰਾਮੇ ਦਾ ਪਰਦਾਫਾਸ਼ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦਾ ਸਪਸ਼ਟੀਕਰਨ ਦਰਸਾਉਂਦਾ ਹੈ ਕਿ ਕਿਸੇ ਵੀ ਵੋਟਰ ਨੂੰ ਔਨਲਾਈਨ ਨਹੀਂ ਹਟਾਇਆ ਜਾ ਸਕਦਾ। ਪ੍ਰਭਾਵਿਤ ਵਿਅਕਤੀ ਨੂੰ ਸੁਣਨ ਦਾ ਮੌਕਾ ਦਿੱਤੇ ਬਿਨਾਂ ਕੋਈ ਵੀ ਨਾਮ ਨਹੀਂ ਹਟਾਇਆ ਜਾ ਸਕਦਾ। 2023 ਵਿੱਚ, ਕੁਝ ਲੋਕਾਂ ਨੇ ਅਲਾਂਦ ਹਲਕੇ ਵਿੱਚ ਗ਼ਲਤ ਕੋਸ਼ਿਸ਼ ਕੀਤੀ, ਜਿਸ 'ਤੇ ਚੋਣ ਕਮਿਸ਼ਨ ਨੇ ਖ਼ੁਦ ਐਫਆਈਆਰ ਦਰਜ ਕਰਵਾਈ ਸੀ। ਜਾਂਚ ਕਰਨਾਟਕ ਸੀਆਈਡੀ ਨੂੰ ਸੌਂਪ ਦਿੱਤੀ ਗਈ ਸੀ, ਪਰ ਉਨ੍ਹਾਂ ਨੇ ਕਾਰਵਾਈ ਨਹੀਂ ਕੀਤੀ। ਪ੍ਰੋ. ਖਿਆਲਾ ਨੇ ਕਿਹਾ ਕਿ "ਜਦੋਂ ਕਾਂਗਰਸ ਨੇ 2023 ਦੀਆਂ ਚੋਣਾਂ ਵਿੱਚ ਅਲਾਂਦ ਹਲਕੇ ਦੀ ਸੀਟ ਜਿੱਤੀ, ਤਾਂ ਰਾਹੁਲ ਗਾਂਧੀ ਕਿਵੇਂ ਕਹਿ ਸਕਦੇ ਹਨ ਕਿ ਭਾਜਪਾ ਵੋਟਾਂ ਚੋਰੀ ਕਰ ਰਹੀ ਸੀ ?" ਕੀ ਉਹ ਆਪਣੀ ਪਾਰਟੀ ਨੂੰ ਗੈਰ-ਕਾਨੂੰਨੀ ਢੰਗ ਨਾਲ ਜਿੱਤਣ ਦਾ ਐਲਾਨ ਕਰ ਰਹੇ ਹਨ ?÷ਰਾਹੁਲ ਗਾਂਧੀ ਨੇ ਭਾਜਪਾ 'ਤੇ ਝੂਠੇ ਇਲਜ਼ਾਮ ਲਗਾ ਕੇ ਆਪ ਹੀ ਵੱਡਾ ਸੈੱਲਫ਼ ਗੋਲ ਕੀਤਾ ਹੈ। ਅਲਾਂਦ ਹਲਕੇ ਦਾ ਰਿਕਾਰਡ ਦਰਸਾਉਂਦਾ ਹੈ ਕਿ ਇਹ ਸੀਟ 2004 ਤੋਂ ਬਾਅਦ ਕਾਂਗਰਸ ਨੂੰ ਨਹੀਂ ਗਈ, ਸਗੋਂ 2023 ਵਿੱਚ ਕਾਂਗਰਸ ਨੂੰ ਮਿਲੀ। ਪ੍ਰੋ. ਖਿਆਲਾ ਨੇ ਕਿਹਾ ਕਿ ਕਰਨਾਟਕ ਹਾਈ ਕੋਰਟ ਨੇ ਕਾਂਗਰਸ ਵਿਧਾਇਕ ਕੇ. ਵਾਈ. ਨੰਜੇਗੌੜਾ ਦੀ ਮੈਂਬਰਸ਼ਿਪ ਰੱਦ ਕਰ ਦਿੱਤੀ ਹੈ ਅਤੇ 2023 ਦੀਆਂ ਚੋਣਾਂ ਵਿੱਚ ਦੁਬਾਰਾ ਗਿਣਤੀ ਦਾ ਹੁਕਮ ਦਿੱਤਾ ਹੈ। ਇਹ ਪਟੀਸ਼ਨ ਭਾਜਪਾ ਉਮੀਦਵਾਰ ਦੁਆਰਾ ਦਾਇਰ ਕੀਤੀ ਗਈ ਸੀ ਜੋ ਸਿਰਫ਼ 248 ਵੋਟਾਂ ਨਾਲ ਹਾਰ ਗਿਆ ਸੀ। ਅਦਾਲਤ ਨੇ ਸਵੀਕਾਰ ਕੀਤਾ ਕਿ ਗਿਣਤੀ ਵਿੱਚ ਗੜਬੜ ਹੋਈ ਸੀ ਅਤੇ ਕਾਂਗਰਸ ਨੇ ਧਾਂਦਲੀ ਕੀਤੀ ਸੀ। ਉਨ੍ਹਾਂ ਕਿਹਾ ਕਿ "ਜਿੱਥੇ ਅਦਾਲਤ ਖ਼ੁਦ ਕਾਂਗਰਸ ਦੀ ਧਾਂਦਲੀ ਨੂੰ ਫੜ ਰਹੀ ਹੈ, ਉੱਥੇ ਰਾਹੁਲ ਗਾਂਧੀ ਭਾਜਪਾ 'ਤੇ ਝੂਠੇ ਦੋਸ਼ ਲਗਾ ਰਹੇ ਹਨ। ਇਹ ਉਨ੍ਹਾਂ ਦੀ ਰਾਜਨੀਤਿਕ ਬੇਵਸੀ ਹੈ।" ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਰਣਨੀਤੀ ਭਾਰਤੀ ਸੰਸਥਾਵਾਂ 'ਤੇ ਹਮਲਾ ਕਰਨ ਦੀ ਰਹੀ ਹੈ, ਰਾਹੁਲ ਗਾਂਧੀ ਦਾ ਚੋਣ ਕਮਿਸ਼ਨ ਨੂੰ ਭਾਰਤ ਵਿਰੋਧੀ ਲੋਕਾਂ ਦਾ ਰੱਖਿਅਕ ਕਹਿਣਾ ਇਸ ਨੀਤੀ ਦਾ ਹਿੱਸਾ ਹੈ। ਯਾਨੀ ਸੰਸਥਾਵਾਂ ਨੂੰ ਦੋਸ਼ੀ ਠਹਿਰਾਉਣਾ, ਲੋਕਾਂ ਵਿੱਚ ਭੰਬਲਭੂਸਾ ਪੈਦਾ ਕਰਨਾ ਅਤੇ ਆਪਣੀ ਅਸਫਲਤਾ ਨੂੰ ਛੁਪਾਉਣਾ।

ਆਵਾਜ਼ਿ ਕੌਮ AWAZE QAUM International Newspaper & WEB TV

## ਪਰਾਲੀ ਪ੍ਰਬੰਧਨ 'ਚ ਸਹਿਯੋਗ ਕਰਨ ਕਿਸਾਨ: ਰਾਹੁਲ ਚਾਬਾ

# ਐਸ.ਡੀ.ਐਮਜ਼. ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ ਨਾਲ ਕਰਨ ਹੇਠਲੇ ਪੱਧਰ 'ਤੇ ਰਾਬਤਾ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਵਾਤਾਵਰਨ ਨੂੰ ਗੰਧਲਾ ਹੋਣ ਤੋਂ ਬਚਾਉਣਾ ਹਿਤ ਕਿਸਾਨ ਕਿਸੇ ਵੀ ਹਾਲ ਪਰਾਲੀ ਨੂੰ ਅੱਗ ਨਾ ਲਾਉਣ ਅਤੇ ਇੰਨ ਸੀਟੂ ਤੇ ਐਕਸ ਸੀਟੂ ਤਕਨੀਕਾਂ ਦੀ ਵਰਤੋਂ ਕਰ ਕੇ ਵਾਤਾਵਰਨ ਨੂੰ ਬਚਾਉਣ ਲਈ ਆਪਣਾ ਬਹੁਮੁੱਲਾ ਯੋਗਦਾਨ ਪਾਉਣ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਪਰਾਲੀ ਪ੍ਰਬੰਧਨ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਐਸ.ਡੀ.ਐਮਜ਼ ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ ਨਾਲ ਹੇਠਲੇ ਪੱਧਰ 'ਤੇ ਰਾਬਤਾ ਕਰਨ ਤੇ ਕਿਸਾਨਾਂ ਨੂੰ ਜਾਗਰੂਕ ਕਰਨ ਸਮੇਤ ਆਪਣੇ ਅਧੀਨ ਪੈਂਦੇ ਖੇਤਰ ਵਿੱਚ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਨੂੰ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸਾਲ ਜਿਥੇ ਪਰਾਲੀ ਪ੍ਰਬੰਧਨ ਮਸ਼ੀਨਰੀ ਵਿੱਚ ਵੀ ਵਾਧਾ ਕੀਤਾ ਗਿਆ ਹੈ, ਉਥੇ ਹੀ ਪਰਾਲੀ ਦਾ ਨਿਪਟਾਰਾ ਕਰਨ ਵਾਲੀ ਇੰਡਸਟਰੀ ਵੀ ਵਧੀ ਹੈ, ਜਿਸ ਸਦਕਾ ਇਸ ਸਾਲ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਸਿਫਰ ਕੀਤੀਆਂ ਜਾ ਸਕਦੀਆਂ ਹਨ। ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਅਤੇ ਸਮੇਂ ਸਿਰ ਮਸ਼ੀਨਰੀ ਉਪਲਬਧ ਕਰਵਾਉਣ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਐਸ.ਡੀ.ਐਮ. ਤੇ ਹੋਰ ਅਧਿਕਾਰੀ ਆਪਣੀਆਂ ਸਬ ਡਵੀਜ਼ਨਾਂ ਅੰਦਰ ਫੀਲਡ 'ਚ ਜਾਣ ਅਤੇ ਕਿਸਾਨਾਂ ਨਾਲ ਗੱਲਬਾਤ ਕਰਨ ਤੇ ਕਿਸਾਨਾਂ ਨੂੰ ਜਾਗਰੂਕ ਕਰਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪਰਾਲੀ ਪ੍ਰਬੰਧਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੂਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਕਿਸਾਨ ਵਾਤਾਵਰਨ, ਧਰਤੀ ਅਤੇ ਆਪਣੀ ਤੇ ਆਪਣੇ ਬੱਚਿਆਂ, ਬਜ਼ੁਰਗਾਂ ਦੀ ਸਿਹਤ ਦਾ ਖਿਆਲ ਕਰਦੇ ਹੋਏ ਪਰਾਲੀ ਨੂੰ ਅੱਗ ਨਾ ਲਗਾਉਣ ਬਲਕਿ ਇਸ ਨੂੰ ਜ਼ਮੀਨ ਵਿੱਚ ਹੀ ਮਿਲਾ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਿਤ ਬੈਂਬੀ, ਐੱਸ.ਡੀ.ਐਮ. ਸੰਗਰੂਰ ਚਰਨਜੋਤ ਸਿੰਘ ਵਾਲੀਆ, ਐੱਸ.ਡੀ.ਐਮ. ਭਵਾਨੀਗੜ੍ਹ ਮਨਜੀਤ ਕੌਰ, ਐੱਸ.ਡੀ.ਐਮ. ਧੂਰੀ ਰਿਸ਼ਭ ਬਾਂਸਲ, ਸਹਾਇਕ ਕਮਿਸ਼ਨਰ ਲਵਪ੍ਰੀਤ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਤਖ਼ਤ ਪਟਨਾ ਸਾਹਿਬ ਤੋਂ ਗੁਰੂ ਕਾ ਬਾਗ ਹੁੰਦੀ ਹੋਈ

# ਜਾਗਰਤੀ ਯਾਤਰਾ ਦੀ ਹੋਈ ਸ਼ੁਭ ਸ਼ੁਰੂਆਤ







**ਨਵੀਂ ਦਿੱਲੀ, 18 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):** ਤਖ਼ਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਅਤੇ ਬਿਹਾਰ ਸਰਕਾਰ ਵੱਲੋਂ ਗੁਰੂ ਤੇਗ ਬਹਾਦਰ ਜੀ ਅਤੇ ਉਨ੍ਹਾਂ ਦੇ ਸਾਥੀ ਭਾਈ ਮਤੀਦਾਸ ਜੀ, ਭਾਈ ਸਤੀਦਾਸ ਜੀ, ਭਾਈ ਦਯਾਲਾ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਕਰਕੇ ਗੁਰੂਦੁਆਰਾ ਗੁਰੂ ਕਾ ਬਾਗ, ਪਟਨਾ ਸਾਹਿਬ ਤੋਂ ਜਾਗਰਤੀ ਯਾਤਰਾ ਸ਼ੁਰੂ ਕੀਤੀ ਗਈ ਜੋ ਦੇਸ਼ ਦੇ 9 ਰਾਜਾਂ ਵਿੱਚੋਂ ਹੋ ਕੇ ਆਖ਼ਿਰਕਾਰ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਖਤਮ ਹੋਵੇਗੀ। ਇਸ ਮੌਕੇ ਤੇ ਅਨੇਕ ਧਾਰਮਿਕ ਅਤੇ ਸਿਆਸੀ ਸ਼ਖ਼ਸੀਅਤਾਂ, ਸੰਤ ਮਹਾਪੁਰਖ ਹਾਜ਼ਰ ਸਨ। ਬਾਲੀਵੁੱਡ ਗਾਇਕ ਸੁਖਵਿੰਦਰ ਸਿੰਘ ਸੁੱਖੀ ਨੇ ਲਾਈਵ ਸ਼ਬਦ ਪਰਫਾਰਮੈਂਸ ਦਿੱਤੀ ਅਤੇ ਗੁਰੂ ਤੇਗ ਬਹਾਦੁਰ ਜੀ ਦੀ ਸ਼ਹਾਦਤ 'ਤੇ ਤਿਆਰ ਕੀਤਾ ਗਿਆ ਇੱਕ ਖ਼ਾਸ ਸ਼ਬਦ ਵੀ ਯਾਤਰਾ ਦੌਰਾਨ ਸੰਗਤ ਨੂੰ ਸੁਣਾਇਆ ਜਾਵੇਗਾ। ਤਖ਼ਤ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਬਿਹਾਰ ਸਰਕਾਰ ਅਤੇ ਕਮੇਟੀ ਦੇ ਸਾਂਝੇ ਉਪਰਾਲਿਆਂ ਨਾਲ ਜਾਗਰਤੀ ਯਾਤਰਾ ਗੁਰੂਦੁਆਰਾ ਗੁਰੂ ਕਾ ਬਾਗ ਤੋਂ ਸ਼ੁਰੂ ਕੀਤੀ ਗਈ, ਜਿੱਥੇ ਗੁਰੂ ਪਿਤਾ ਤੇ ਪੁੱਤਰ ਦਾ ਪਹਿਲਾ ਮਿਲਾਪ ਹੋਇਆ ਸੀ ਅਤੇ ਇਸਦਾ ਅੰਤ ਤਖ਼ਤ ਕੇਸਗੜ੍ਹ ਸਾਹਿਬ, ਆਨੰਦਪੁਰ ਸਾਹਿਬ ਵਿਖੇ ਹੋਵੇਗਾ, ਜਿੱਥੇ ਉਹਨਾਂ ਦਾ ਆਖ਼ਰੀ ਮਿਲਾਪ ਹੋਇਆ ਸੀ। ਯਾਤਰਾ ਦੀ ਰਵਾਨਗੀ ਸਮੇਂ ਕਈ ਧਾਰਮਿਕ, ਸਿਆਸੀ ਸ਼ਖ਼ਸੀਅਤਾਂ ਅਤੇ ਸੰਤ ਸਮਾਜ ਮੌਜੂਦ ਰਿਹਾ। ਉਨ੍ਹਾਂ ਦੱਸਿਆ ਕਿ ਯਾਤਰਾ ਤੋਂ ਪਹਿਲਾਂ ਗੁਰੂ ਕਾ ਬਾਗ ਵਿਖੇ ਵਿਸ਼ੇਸ਼ ਦੀਵਾਨ ਸਜਾਇਆ ਗਿਆ, ਜਿਸ ਦੀ ਸਮਾਪਤੀ ਉਪਰੰਤ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਜੀ ਵੱਲੋਂ ਅਰਦਾਸ ਕਰਕੇ ਯਾਤਰਾ ਦੀ ਸ਼ੁਰੂਆਤ ਕੀਤੀ ਗਈ। ਸ੍ਰੀ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਯਾਤਰਾ ਵਿੱਚ ਇਕ ਪਾਲਕੀ ਬਸ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਵਰੂਪ ਅਤੇ ਗੁਰੂ ਸਾਹਿਬ ਦੇ ਪੁਰਾਤਨ ਸ਼ਸਤ੍ਰ ਸੰਗਤਾਂ ਦੇ ਦਰਸ਼ਨ ਲਈ ਰੱਖੇ ਗਏ ਹਨ। ਇਨ੍ਹਾਂ ਦੇ ਨਾਲ ਪੰਜ ਪਿਆਰੇ, ਸ਼ਬਦੀ ਜਥੇ ਅਤੇ ਵੱਡੀ ਗਿਣਤੀ ਵਿੱਚ ਸੰਗਤ ਯਾਤਰਾ ਦੇ ਨਾਲ ਚਲ ਰਹੀ ਹੈ। ਜਿੱਥੇ ਜਿੱਥੇ ਯਾਤਰਾ ਪਹੁੰਚ ਰਹੀ ਹੈ, ਓਥੇ ਸੰਗਤ ਵੱਡੇ ਉਤਸ਼ਾਹ ਨਾਲ ਹਾਜ਼ਰੀ ਲਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯਾਤਰਾ ਦਾ ਪਹਿਲਾ ਚਰਨ ਗੁਰੂ ਕਾ ਬਾਗ ਤੋਂ ਤਖ਼ਤ ਪਟਨਾ ਸਾਹਿਬ ਤੱਕ ਪੈਦਲ ਰੂਪ ਵਿੱਚ ਪੂਰਾ ਕੀਤਾ ਗਿਆ। ਓਥੇ ਪ੍ਰਬੰਧਕਾਂ ਅਤੇ ਸੰਗਤ ਵੱਲੋਂ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਯਾਤਰਾ ਵਿੱਚ ਗੁਰੂ ਸਾਹਿਬ ਦੀ ਪਾਵਨ ਸਵਰੂਪ ਵਾਲੀ ਪਾਲਕੀ ਬਸ, ਆਰਮੀ ਬੈਂਡ, ਸਕੂਲਾਂ ਦੇ ਬੱਚੇ, ਗਤਕਾ ਪਾਰਟੀਆਂ ਆਦਿ ਸ਼ਾਮਲ ਸਨ। ਉਨ੍ਹਾਂ ਦੱਸਿਆ ਕਿ ਯਾਤਰਾ ਨੂੰ ਰਵਾਨਾ ਕਰਨ ਲਈ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਆਪ ਹੀ ਆਉਣ ਵਾਲੇ ਸਨ ਪਰ ਕਿਸੇ ਕਾਰਨ ਕਰਕੇ ਨਹੀਂ ਆ ਸਕੇ। ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ, ਬਿਹਾਰ ਵਿਧਾਨ ਸਭਾ ਦੇ ਸਪੀਕਰ ਨੰਦਕਿਸ਼ੋਰ ਗਰਗ, ਡਿਪਟੀ ਸੀਐਮ ਸਮਰਾਟ ਚੌਧਰੀ, ਬੀਜੇਪੀ ਪ੍ਰਧਾਨ ਦਿਲੀਪ ਜੈਸਵਾਲ, ਮੇਅਰ ਸੀਤਾ ਸਾਹੂ, ਬਾਬਾ ਬਲਬੀਰ ਸਿੰਘ 96 ਕਰੋੜੀ, ਬਾਬਾ ਕਸ਼ਮੀਰ ਸਿੰਘ ਭੂਰੀ ਵਾਲੇ, ਨਾਨਕਸਰ ਸੰਪਰਦਾ, ਰਾੜਾ ਸਾਹਿਬ ਸੰਪਰਦਾ, ਜਵਦੀ ਟਕਸਾਲ ਆਦਿ ਕਈ ਸੰਤ ਮਹਾਪੁਰਖ ਹਾਜ਼ਰ ਸਨ ਅਤੇ ਨਿਸ਼ਾਨ ਸਾਹਿਬ ਦੇ ਨਾਲ ਯਾਤਰਾ ਨੂੰ ਰਵਾਨਾ ਕੀਤਾ ਗਿਆ। ਸੁਖਵਿੰਦਰ ਸਿੰਘ ਸੁੱਖੀ ਵੱਲੋਂ ਲਾਈਵ ਪਰਫਾਰਮੈਂਸ ਦੇ ਨਾਲ ਯਾਤਰਾ ਲਈ ਤਿਆਰ ਕੀਤਾ ਗਿਆ ਸ਼ਬਦ ਜਾਰੀ ਕੀਤਾ ਗਿਆ ਅਤੇ ਤਖ਼ਤ ਪਟਨਾ ਸਾਹਿਬ ਤੋਂ ਨਿਕਲਣ ਵਾਲੀ ਮਾਸਿਕ ਮੈਗਜ਼ੀਨ "ਗੋਬਿੰਦ ਪ੍ਰਕਾਸ਼" ਦੇ ਸਤੰਬਰ ਐਡੀਸ਼ਨ ਦਾ ਵੀ ਵਿਮੋਚਨ ਕੀਤਾ ਗਿਆ। ਸੰਗਤ ਇਹ ਮੈਗਜ਼ੀਨ ਯਾਤਰਾ ਵਿੱਚ ਸ਼ਾਮਲ ਸਟਾਫ ਤੋਂ ਲੈ ਸਕਦੀ ਹੈ। ਉਨ੍ਹਾਂ ਦੱਸਿਆ ਕਿ ਗੁਰੂ ਸਾਹਿਬ ਦੇ ਜੀਵਨ ਇਤਿਹਾਸ ਨਾਲ ਸਬੰਧਤ ਜਾਣਕਾਰੀ ਵਾਲੀ ਇਕ ਹੋਰ ਵਿਸ਼ੇਸ਼ ਮੈਗਜ਼ੀਨ ਵੀ ਸੰਗਤ ਨੂੰ ਦਿੱਤੀ ਜਾ ਰਹੀ ਹੈ, ਜਿਸ ਨੂੰ ਤਖ਼ਤ ਸਾਹਿਬ ਦੇ ਮੀਡੀਆ ਇੰਚਾਰਜ ਸੁਦੀਪ ਸਿੰਘ ਵੱਲੋਂ ਲਿਖਿਆ ਗਿਆ ਹੈ। ਇਹ ਮੈਗਜ਼ੀਨ ਹਿੰਦੀ, ਅੰਗਰੇਜ਼ੀ ਅਤੇ ਪੰਜਾਬੀ ਵਿੱਚ ਛਾਪੀ ਗਈ ਹੈ। ਸ੍ਰੀ ਜਗਜੋਤ ਸਿੰਘ ਸੋਹੀ ਨੇ ਯਾਤਰਾ ਦੇ ਸਫਲ ਆਯੋਜਨ ਲਈ ਜਿੱਥੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਬਿਹਾਰ ਸਰਕਾਰ ਦਾ ਧੰਨਵਾਦ ਕੀਤਾ, ਓਥੇ ਪ੍ਰਬੰਧਕ ਕਮੇਟੀ ਦੇ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ-ਪ੍ਰਧਾਨ ਲਖਵਿੰਦਰ ਸਿੰਘ, ਉਪ-ਪ੍ਰਧਾਨ ਗੁਰਵਿੰਦਰ ਸਿੰਘ, ਸਹਿ ਸਕੱਤਰ ਹਰਬੰਸ ਸਿੰਘ, ਮੈਂਬਰ ਮਹਿੰਦਰਪਾਲ ਸਿੰਘ ਢਿੱਲੋਂ, ਡਾ. ਗੁਰਮੀਤ ਸਿੰਘ, ਗੋਬਿੰਦ ਸਿੰਘ ਲੋਂਗੋਵਾਲ, ਹਰਪਾਲ ਸਿੰਘ ਜੋਹਲ, ਰਾਜਾ ਸਿੰਘ, ਗੁਰਵਿੰਦਰ ਸਿੰਘ ਬਾਵਾ, ਜਸਬੀਰ ਸਿੰਘ ਧਾਮ, ਮਾਨਵਿੰਦਰ ਸਿੰਘ ਬੇਨੀਪਾਲ ਅਤੇ ਪਟਨਾ ਦੀ ਸਿੱਖ ਸੰਗਤ ਦਾ ਵੀ ਆਭਾਰ ਪ੍ਰਗਟ ਕੀਤਾ।

# "ਪਾਕਿਸਤਾਨ 'ਤੇ ਹਮਲਾ, ਸਾਊਦੀ ਅਰਬ 'ਤੇ ਹਮਲਾ ਸਮਝਿਆ ਜਾਵੇਗਾ"

**ਅੰਮ੍ਰਿਤਸਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਵੱਲੋਂ ਗੁਆਂਢੀ ਮੁਲਕ ਪਾਕਿਸਤਾਨ ਖਿਲਾਫ ਕੀਤੇ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਕੌਮਾਂਤਰੀ ਰਣਨੀਤੀ ਤੇਜ਼ੀ ਨਾਲ ਬਦਲ ਰਹੀ ਹੈ। ਪਹਿਲਾਂ ਅਮਰੀਕਾ ਪਾਕਿਸਤਾਨੀ ਨਾਲ ਡਟ ਕੇ ਖੜ੍ਹ ਗਿਆ ਤੇ ਹੁਣ ਸਾਊਦੀ ਅਰਬ ਨੇ ਵੱਡਾ ਕਦਮ ਚੁੱਕਿਆ ਹੈ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਨੇ ਸਾਊਦੀ ਅਰਬ ਨਾਲ ਇੱਕ ਵਿਸ਼ੇਸ਼ ਰੱਖਿਆ ਸਮਝੌਤੇ 'ਤੇ ਦਸਤਖਤ ਕੀਤੇ ਹਨ। ਇਸ ਸਮਝੌਤੇ ਤਹਿਤ ਇੱਕ ਦੇਸ਼ 'ਤੇ ਹਮਲਾ ਦੋਵਾਂ 'ਤੇ ਹਮਲਾ ਮੰਨਿਆ ਜਾਵੇਗਾ। ਸ਼ਾਹਬਾਜ਼ ਸ਼ਰੀਫ ਸਾਊਦੀ ਅਰਬ ਦੇ ਦੌਰੇ 'ਤੇ ਹਨ ਤੇ ਉਨ੍ਹਾਂ ਨੇ ਆਪਣੀ ਫੇਰੀ ਦੌਰਾਨ ਸਮਝੌਤੇ 'ਤੇ ਦਸਤਖਤ ਕੀਤੇ ਹਨ।



ਦੱਸ ਦਈਏ ਕਿ ਇਹ ਮੰਨਿਆ ਜਾ ਰਿਹਾ ਹੈ ਕਿ ਬਦਲਦੀਆਂ ਕੌਮਾਂਤਰੀ ਪ੍ਰਸਥਿਤੀਆਂ ਤੇ ਇਸ ਸਮਝੌਤੇ ਨਾਲ ਭਾਰਤ-ਪਾਕਿ ਜੰਗ ਦੀ ਸੰਭਾਵਨਾ ਨੂੰ ਬ੍ਰੇਕ ਲੱਗ ਗਈ ਹੈ। ਭਾਰਤੀ ਹਮਲੇ ਮਗਰੋਂ ਪਾਕਿਸਤਾਨ ਅਮਰੀਕਾ, ਕਈ ਯੂਰਪੀਅਨ ਤੇ ਇਸਲਾਮਿਕ ਦੇਸ਼ਾਂ ਨਾਲ ਨੇੜਤਾ ਵਧਾ ਰਿਹਾ ਹੈ। ਇਸ ਤਹਿਤ ਪਾਕਿਸਤਾਨ ਦੇ ਫੌਜ ਮੁਖੀ ਤੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਵਿਦੇਸ਼ੀ ਦੌਰੇ ਕਰ ਰਹੇ ਹਨ। ਇੱਕ ਹਫ਼ਤੇ ਦੇ ਅੰਦਰ ਖਾੜੀ ਖੇਤਰ ਦਾ ਇਹ ਉਨ੍ਹਾਂ ਦਾ ਤੀਜਾ ਦੌਰਾ ਹੈ। ਇਸ ਤੋਂ ਪਹਿਲਾਂ ਉਹ ਕਤਰ ਗਏ ਸਨ। ਉਨ੍ਹਾਂ ਨੇ ਕਤਰ ਵਿੱਚ ਹਮਾਸ ਲੀਡਰਸ਼ਿਪ 'ਤੇ ਇਜ਼ਰਾਈਲ ਦੇ ਹਮਲੇ ਤੋਂ ਬਾਅਦ ਦੋਹਾ ਨਾਲ ਇਕਜੁੱਟਤਾ ਪ੍ਰਗਟ ਕੀਤੀ ਤੇ ਇਸ ਮੁੱਦੇ 'ਤੇ ਅਰਬ-ਇਸਲਾਮਿਕ ਦੇਸ਼ਾਂ ਦੀ ਇੱਕ ਐਮਰਜੈਂਸੀ ਮੀਟਿੰਗ ਵਿੱਚ ਹਿੱਸਾ ਲਿਆ। 'ਦ ਟਾਈਮਜ਼ ਆਫ਼ ਇਜ਼ਰਾਈਲ' ਦੀ ਇੱਕ ਰਿਪੋਰਟ ਅਨੁਸਾਰ ਪਾਕਿਸਤਾਨ ਤੇ ਸਾਊਦੀ ਅਰਬ ਨੇ ਇੱਕ ਆਪਸੀ ਰਣਨੀਤਕ ਰੱਖਿਆ ਸਮਝੌਤੇ 'ਤੇ ਦਸਤਖਤ ਕੀਤੇ ਹਨ। ਸ਼ਾਹਬਾਜ਼ ਸ਼ਰੀਫ ਰਿਆਧ ਵਿੱਚ ਹਨ, ਜਿੱਥੇ ਉਨ੍ਹਾਂ ਦਾ ਸਵਾਗਤ ਕਰਾਊਨ ਪ੍ਰਿੰਸ ਮੁਹੰਮਦ ਬਿਨ ਸਲਮਾਨ ਨੇ ਅਲ-ਯਾਮਾਮਾ ਪੈਲੇਸ ਵਿੱਚ ਕੀਤਾ। ਪਾਕਿਸਤਾਨ ਤੇ ਸਾਊਦੀ ਅਰਬ ਦੇ ਇੱਕ ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਇਸ ਸਮਝੌਤੇ ਦਾ ਉਦੇਸ਼ ਨਾ ਸਿਰਫ਼ ਦੁਵੱਲੇ ਸੁਰੱਖਿਆ ਸਬੰਧਾਂ ਨੂੰ ਡੂੰਘਾ ਕਰਨਾ ਹੈ, ਸਗੋਂ ਖੇਤਰੀ ਤੇ ਵਿਸ਼ਵਵਿਆਪੀ ਸ਼ਾਂਤੀ ਨੂੰ ਵੀ ਉਤਸ਼ਾਹਿਤ ਕਰਨਾ ਹੈ। ਡਾਨ ਅਖਬਾਰ ਅਨੁਸਾਰ ਸਮਝੌਤੇ 'ਤੇ ਦਸਤਖਤ ਕਰਨ ਦਾ ਐਲਾਨ ਪ੍ਰਧਾਨ ਮੰਤਰੀ ਦਫ਼ਤਰ ਦੇ ਇੱਕ ਬਿਆਨ ਵਿੱਚ ਕੀਤਾ ਗਿਆ, ਜਿਸ ਵਿੱਚ ਕਿਹਾ ਗਿਆ ਕਿ ਕਿਸੇ ਵੀ ਦੇਸ਼ ਵਿਰੁੱਧ ਕੋਈ ਵੀ ਹਮਲਾ ਦੋਵਾਂ ਵਿਰੁੱਧ ਹਮਲਾ ਮੰਨਿਆ ਜਾਵੇਗਾ। ਦਸਤਖਤ ਸਮਾਰੋਹ ਤੋਂ ਬਾਅਦ ਜਾਰੀ ਕੀਤੇ ਗਏ ਇੱਕ ਸਾਂਝੇ ਬਿਆਨ ਵਿੱਚ ਕਿਹਾ ਗਿਆ, "ਲਗਪਗ ਅੱਠ ਦਹਾਕਿਆਂ ਤੋਂ ਮੌਜੂਦ ਤੇ ਭਾਈਚਾਰੇ, ਇਸਲਾਮੀ ਏਕਤਾ ਤੇ ਸਾਂਝੇ ਰਣਨੀਤਕ ਹਿੱਤਾਂ ਦੇ ਬੰਧਨਾਂ 'ਤੇ ਅਧਾਰਤ ਸਾਂਝੇਦਾਰੀ ਨੂੰ ਜਾਰੀ ਰੱਖਦੇ ਹੋਏ, ਦੋਵਾਂ ਧਿਰਾਂ ਨੇ ਰਣਨੀਤਕ ਆਪਸੀ ਰੱਖਿਆ ਸਮਝੌਤੇ 'ਤੇ ਦਸਤਖਤ ਕੀਤੇ।"

# ਪਰਾਲੀ ਪ੍ਰਬੰਧਨ ਸਬੰਧੀ ਸਮੂਹ ਅਧਿਕਾਰੀ ਅਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ: ਐੱਸ. ਡੀ.ਐਮ. ਚਰਨਜੋਤ ਸਿੰਘ ਵਾਲੀਆ

## ਐਸ.ਡੀ.ਐਮ. ਸੰਗਰੂਰ ਨੇ ਪਰਾਲੀ ਦੀ ਸੁਚੱਜੀ ਸੰਭਾਲ ਲਈ ਕਿਸਾਨਾਂ ਨੂੰ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਕੀਤੀ ਅਪੀਲ



**ਸੰਗਰੂਰ ( ਰਣਜੀਤ ਸਿੰਘ ਪੇਧਨੀ)**-ਉਪ ਮੰਡਲ ਮੈਜਿਸਟਰੇਟ, ਸੰਗਰੂਰ, ਸ.ਚਰਨਜੋਤ ਸਿੰਘ ਵਾਲੀਆ ਨੇ ਆਪਣੇ ਦਫਤਰ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਸੱਦੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪਰਾਲੀ ਪ੍ਰਬੰਧਨ ਸਬੰਧੀ ਹਰ ਇੱਕ ਅਧਿਕਾਰੀ ਤੇ ਕਰਮਚਾਰੀ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣੀ ਯਕੀਨੀ ਬਣਾਏ। ਸ਼੍ਰੀ ਵਾਲੀਆ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਪਰਾਲੀ ਨਾ ਫੂਕਣ ਬਾਬਤ ਜਾਗਰੂਕ ਕਰਨ ਹਿਤ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ। ਪਰਾਲੀ ਨੂੰ ਅੱਗ ਲਗਾਉਣ ਨਾਲ ਮਨੁੱਖ ਅਤੇ ਜ਼ਮੀਨ ਦੀ ਸਿਹਤ ਉਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ। ਐੱਸ.ਡੀ.ਐਮ. ਨੇ ਕਿਸਾਨਾਂ ਨੂੰ ਪਰਾਲੀ ਦੀ ਸੁਚੱਜੀ ਸੰਭਾਲ ਲਈ ਖੇਤੀ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਕਰਨ ਦੀ ਅਪੀਲ ਕੀਤੀ। ਦਿਨੋਂ ਦਿਨ ਵਧ ਰਿਹਾ ਵਾਤਾਵਰਨ ਪ੍ਰਦੂਸ਼ਣ ਜਿਥੇ ਇਨਸਾਨੀ ਸਿਹਤ ਲਈ ਘਾਤਕ ਸਿੱਧ ਹੋ ਰਿਹਾ ਹੈ ਉਥੇ ਹੀ ਇਸ ਨਾਲ ਪਸ਼ੂਆਂ, ਪੰਛੀਆਂ ਦੇ ਨਾਲ-ਨਾਲ ਜ਼ਮੀਨ ਉਤੇ ਵੀ ਕਈ ਤਰ੍ਹਾਂ ਦੇ ਮਾੜੇ ਪ੍ਰਭਾਵ ਪੈਂਦੇ ਹਨ। ਪੰਜਾਬ ਸਰਕਾਰ ਵੱਲੋਂ ਪਰਾਲੀ ਦੀ ਸੁਚੱਜੀ ਸੰਭਾਲ ਲਈ ਸਬਸਿਡੀ 'ਤੇ ਦਿੱਤੀ ਜਾਣ ਵਾਲੀ ਖੇਤੀ ਮਸ਼ੀਨਰੀ ਨਾਲ ਜਿਥੇ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵਧਾਇਆ ਜਾ ਸਕਦਾ ਹੈ, ਉਥੇ ਹੀ ਪਰਾਲੀ ਨੂੰ ਅੱਗ ਲਗਾਉਣ ਨਾਲ ਹੁੰਦੇ ਵਾਤਾਵਰਨ ਪ੍ਰਦੂਸ਼ਣ ਤੋਂ ਛੁਟਕਾਰਾ ਵੀ ਪਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਝੋਨਾ ਵੱਢਣ ਸਮੇਂ ਕੰਬਾਈਨ ਦੇ ਨਾਲ ਐਸ.ਐਮ.ਐਸ. ਦੀ ਵਰਤੋਂ ਜ਼ਰੂਰ ਕੀਤੀ ਜਾਵੇ ਕਿਉਂਕਿ ਇਸ ਤਰ੍ਹਾਂ ਕਰਨ ਨਾਲ ਪਰਾਲੀ ਦੇ ਕੁਤਰੇ ਕਰ ਕੇ ਇਸ ਨੂੰ ਅਸਾਨੀ ਨਾਲ ਖੇਤ ਵਿੱਚ ਵਾਹਿਆ ਜਾ ਸਕਦਾ ਹੈ। ਇਸ ਮੌਕੇ ਹਾਜ਼ਰ ਅਧਿਕਾਰੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣਗੇ।

# ਸੰਗਰੂਰ ਹਲਕੇ ਦੀਆਂ ਵੱਖ-ਵੱਖ ਅਨਾਜ ਮੰਡੀਆਂ 'ਚ 185.45 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੇ ਹਨ ਸ਼ੈਡ: ਵਿਧਾਇਕ ਨਰਿੰਦਰ ਕੌਰ ਭਰਾਜ



**ਸੰਗਰੂਰ/ ਭਵਾਨੀਗੜ੍ਹ (ਰਣਜੀਤ ਸਿੰਘ ਪੇਧਨੀ )** -ਖਰੀਦ ਸੀਜ਼ਨ ਦੌਰਾਨ ਕਿਸਾਨਾਂ ਦੀਆਂ ਫ਼ਸਲ ਨੂੰ ਖ਼ਰਾਬ ਮੌਸਮ ਤੋਂ ਬਚਾਉਣ ਲਈ ਸੰਗਰੂਰ ਹਲਕੇ ਦੀਆਂ ਵੱਖ-ਵੱਖ ਅਨਾਜ ਮੰਡੀਆਂ 'ਚ ਸਟੀਲ ਕਵਰ ਸ਼ੈਡ ਬਣਾਏ ਜਾ ਰਹੇ ਹਨ। ਇਹ ਜਾਣਕਾਰੀ ਸਾਂਝੀ ਕਰਦਿਆਂ ਸੰਗਰੂਰ ਹਲਕੇ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਦੱਸਿਆ ਕਿ ਇਸ ਕੰਮ ਲਈ ਸਰਕਾਰ ਵੱਲੋਂ 185.45 ਲੱਖ ਰੁਪਏ ਦੇ ਪ੍ਰਾਜੈਕਟ ਮਨਜ਼ੂਰ ਕੀਤੇ ਗਏ ਹਨ। ਇਹਨਾਂ ਵਿੱਚੋਂ ਕਈਆਂ ਦਾ ਕੰਮ ਜਾਰੀ ਹੈ ਤੇ ਬਾਕੀਆਂ ਸਬੰਧੀ ਕੰਮ ਬਹੁਤ ਜਲਦ ਸ਼ੁਰੂ ਹੋਣ ਜਾ ਰਿਹਾ ਹੈ। ਉਹਨਾਂ ਨੇ ਦੱਸਿਆ ਕਿ ਹਲਕੇ ਦੇ 12



ਖਰੀਦ ਕੇਂਦਰਾਂ ਵਿੱਚ ਇਹ ਸ਼ੈਡ ਤਿਆਰ ਕੀਤੇ ਜਾਣਗੇ। ਇਹਨਾਂ ਵਿੱਚੋਂ 100 ਫੁੱਟ × 50 ਫੁੱਟ ਦੇ 04 ਵੱਡੇ ਸ਼ੈਡ ਬਾਲੀਆਂ, ਗਹਿਲਾਂ, ਨਦਾਮਪੁਰ ਅਤੇ ਜਾਲੀਆਂ ਮੰਡੀਆਂ ਵਿੱਚ ਤਿਆਰ ਕੀਤੇ ਜਾਣਗੇ, ਜਿਨ੍ਹਾਂ ਦੀ ਲਾਗਤ 31.12 ਲੱਖ ਰੁਪਏ ਪ੍ਰਤੀ ਸ਼ੈਡ ਆਵੇਗੀ। ਇਸ ਤੋਂ ਇਲਾਵਾ, 35 ਫੁੱਟ × 35 ਫੁੱਟ ਦੇ ਕੁੱਲ 08 ਸ਼ੈਡ ਪਰਚੇਜ਼ ਸੈਂਟਰ ਚੰਨੋ, ਭਾਰੋਂ, ਮਾਝੀ, ਬਟੜਿਆਣਾ, ਬਾਸੀਅਰਕ, ਨਰੈਣਗੜ੍ਹ, ਕਪਿਆਲ ਅਤੇ ਕਾਲਾ ਝਾੜ 'ਚ ਬਣਾਏ ਜਾਣਗੇ, ਜਿਨ੍ਹਾਂ 'ਤੇ ਪ੍ਰਤੀ ਸ਼ੈਡ 7.62 ਲੱਖ ਰੁਪਏ ਦੀ ਲਾਗਤ ਆਵੇਗੀ। ਵਿਧਾਇਕ ਸ਼੍ਰੀਮਤੀ ਭਰਾਜ ਨੇ ਕਿਹਾ ਕਿ ਇਹ ਸ਼ੈਡ ਤਿਆਰ ਹੋਣ ਨਾਲ ਕਿਸਾਨਾਂ ਨੂੰ ਆਪਣੀ ਫ਼ਸਲ ਨੂੰ ਖੁੱਲ੍ਹੇ ਅਸਮਾਨ ਹੇਠ ਰੱਖਣ ਦੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ ਅਤੇ ਫਸਲ ਦੇ ਸਟਾਕ ਨੂੰ ਮੌਸਮ ਦੇ ਅਸਰ ਤੋਂ ਬਚਾਇਆ ਜਾ ਸਕੇਗਾ। ਇਸ ਨਾਲ ਅਨਾਜ ਦੀ ਖ਼ਰਾਬੀ ਰੁਕੇਗੀ ਅਤੇ ਮੰਡੀਆਂ 'ਚ ਖਰੀਦ ਪ੍ਰਕਿਰਿਆ ਸੁਚਾਰੂ ਤਰੀਕੇ ਨਾਲ ਚੱਲ ਸਕੇਗੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਖਰੀਦ ਸਬੰਧੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ। ਇਹ ਪ੍ਰਾਜੈਕਟ ਲੰਮੇ ਸਮੇਂ ਲਈ ਕਿਸਾਨਾਂ ਨੂੰ ਵੱਡਾ ਲਾਭ ਦੇਣਗੇ। ਇਹਨਾਂ ਕਾਰਜਾਂ ਦੀ ਸ਼ੁਰੂਆਤ ਮਾਰਕੀਟ ਕਮੇਟੀ ਭਵਾਨੀਗੜ੍ਹ ਦੇ ਚੇਅਰਮੈਨ ਜਗਸੀਰ ਸਿੰਘ ਝਨੇੜੀ, ਸੰਗਠਨ ਇੰਚਾਰਜ ਗੁਰਪ੍ਰੀਤ ਸਿੰਘ ਚੰਨੋ, ਗੁਰਬਿੰਦਰ ਸਿੰਘ (ਪੀ.ਏ ਵਿਧਾਇਕ), ਵਿਕਰਮ ਨਕਟੇ ਨੇ ਕਰਵਾਈ। ਇਸ ਮੌਕੇ ਪਿੰਡਾਂ ਦੇ ਆਗੂ, ਪੰਚਾਇਤਾਂ ਅਤੇ ਪਤਵੰਤੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਹੁਣ ਜਿੰਮੇਵਾਰੀ ਸਿੱਖ ਕੌਮ ਸਿੱਖ ਸੰਸਥਾਵਾਂ ਅਤੇ ਸਿੱਖ ਜਥੇਬੰਦੀਆਂ ਦੀ...

# ਕਦੇ ਨਕਲੀ ਨਿਹੰਗ ਪੂਹਲਾ ਤੇ ਕਦੇ ਦੁਸ਼ਟ ਥਾਣੇਦਾਰ ਸੂਬਾ ਸਰਹੰਦ




**ਕਹਿੰਦੇ ਹਨ** ਸਤਯੁੱਗ ਵਿੱਚ ਵੀ ਕੱਲਯੁੱਗ ਸੀ ਅਤੇ ਕੱਲਯੁੱਗ ਵਿੱਚ ਵੀ ਸਤਯੁੱਗ ਹੈ ! ਹਿੰਦੂ ਧਰਮ ਦਾ ਮਿਥਿਹਾਸ ਕਹਿੰਦਾ ਹੈ ਸ਼ਿਰਸ਼ਟੀ ਨੂੰ ਸਾਜਣ ਵਾਲਾ ਬ੍ਰਹਮਾ ਆਪਣੀ ਸੋਲਾਂ ਦੀ ਬੇਟੀ ਉੱਤੇ ਮੋਹਿਤ ਹੋ ਗਿਆ ਸੀ ਅਤੇ ਉੱਸ ਨੇ ਉੱਸ ਦੇ ਨਾਲ ਕੁਕਰਮ ਵੀ ਕੀਤਾ ਅਤੇ ਉੱਸ ਵਿੱਚੋਂ ਪੁੱਤਰ ਵੀ ਪੈਦਾ ਹੋਇਆ । ਇਹ ਸਤਯੁੱਗ ਵਿੱਚ ਕੱਲਯੁੱਗ ਸੀ ! ਇਹ ਕਹਾਣੀ ਕਾਫ਼ੀ ਲੰਬੀ ਹੈ ਪਰ ਸੰਖੇਪ ਵਿੱਚ ਹੀ ਲਿਖੀ ਹੈ , ਸਮਝਣ ਵਾਲੇ ਸਮਝ ਜਾਣਗੇ । ਕੱਲਯੁੱਗ ਵਿੱਚ ਅਕਾਲ ਪੁਰਖ ਵਾਹਿਗੁਰੂ ਜੀ ਨੇ ਗੁਰੂ ਨਾਨਕ ਦੇਵ ਜੀ ਹੋ ਕੇ ਅਵਤਾਰ ਧਾਰਿਆ ਅਤੇ ਮਨੁੱਖਾਂ ਪੁਸ਼ੂਆਂ ਪੰਛੀਆਂ ਅਤੇ ਪੱਥਰਾਂ ਤੱਕ ਦਾ ਵੀ ਉੱਧਾਰ ਕੀਤਾ, 1 ਓ ਤੋਂ ਲੇ ਕੇ ਅਠਾਰਹ ਦਸ ਬੀਸ ਤੱਕ ਬਾਣੀ ਉੱਚਾਰ ਕੇ ਪੂਰੀ ਮਨੁੱਖਤਾ ਦਾ ਹੀ ਭਲਾ ਕੀਤਾ । ਇਹ ਕੱਲਯੁੱਗ ਵਿੱਚ ਸੱਤਯੁੱਗ ਹੈ ! ਧੰਨ ਗੁਰੂ ਨਾਨਕ ਸਾਹਿਬ ਜੀਆਂ ਨੇ ਦਸ ਜਾਮੇ ਧਾਰਨ ਕਰਕੇ ਚਿੜੀਆਂ ਵਾਂਗ ਕਮਜ਼ੋਰ ਹੋ ਚੁੱਕੇ ਲੋਕਾਂ ਵਿੱਚ ਅਣਖ ਅਤੇ ਗੈਰਤ ਦੀ ਰੂਹ ਭਰ ਕੇ ਉੱਹਨਾਂ ਕੋਲੋਂ ਬਾਜ਼ਾਂ ਵਾਂਗ ਕਮਜ਼ੋਰ ਲੋਕਾਂ ਦਾ ਘਾਣ ਕਰਨ ਵਾਲੇ ਦੁਸ਼ਟ ਬਿਰਤੀ ਦੇ ਲੋਕਾਂ ਨੂੰ ਮਰਵਾਇਆ ਉੱਨਾਂ ਬਾਜਾਂ ਦਾ ਚਿੜੀਆਂ ਕੋਲੋਂ ਸ਼ਿਕਾਰ ਕਰਵਾਇਆ । ਕਿਸੇ ਸਮੇਂ ਸਰਕਾਰੀ ਸ਼ਿਹ ਉੱਤੇ ਪਲਿਆ ਨਕਲੀ ਨਿਹੰਗ ਅਜੀਤ ਸਿੰਘ ਪੂਹਲਾ ਵੀ ਆਪਣੇ ਆਪ ਨੂੰ ਰੱਬ ਸਮਝੀ ਬੈਠਾ ਸੀ , ਜਿਸ ਨੇ ਸਰਕਾਰੀ ਸ਼ਿਹ ਉੱਤੇ ਮਨੁੱਖਤਾ ਉੱਪਰ ਅਥਾਹ ਜ਼ੁਲਮ ਕਮਾਏ ਅਤੇ ਅਮਰ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣੇ ਦੇ ਪਰਿਵਾਰ ਨੂੰ ਜਿੰਦਾ ਜਲ਼ਾਉਣ ਵਾਲਾ ਵੀ ਨਕਲੀ ਨਿਹੰਗ ਅਜੀਤ ਸਿੰਘ ਪੂਹਲਾ ਹੀ ਸੀ , ਜਿਸ ਨੂੰ ਸਿੱਖ ਨੌਜਵਾਨਾਂ ਨੇ ਜੇਹਲ ਵਿੱਚ ਹੀ ਜਿਊਂਦੇ ਨੂੰ ਸਾੜ ਕੇ ਮੌਤ ਦੇ ਘਾਟ ਉੱਤਾਰ ਦਿੱਤਾ ਸੀ । ਇਸੇ ਤਰ੍ਹਾਂ ਦਾ ਹੀ ਦੁਸ਼ਟ ਬਿਰਤੀ ਦਾ ਬੰਦਾ ਸੀ ਸੂਬਾ ਸਿੰਘ ਸਰਹੰਦ ਪੁਲੀਸ ਅਫਸਰ ਜਿਸ ਨੇ ਆਪਣੀ ਡਿਊਟੀ ਦੌਰਾਨ ਅਨੇਕਾਂ ਬੇਕਸੂਰ ਨੌਜਵਾਨ ਝੂਠੇ ਪੁਲੀਸ ਮੁਕਾਬਲਿਆਂ ਵਿੱਚ ਮਾਰੇ, ਸਿੱਖ ਨੌਜਵਾਨਾਂ ਉੱਤੇ ਅੰਤਾਂ ਦਾ ਤਸ਼ੱਦਦ ਕੀਤਾ ਅਤੇ ਸਿੱਖ ਬੱਚੀਆਂ ਭੈਣਾਂ ਅਤੇ ਮਾਵਾਂ ਨੂੰ ਵੀ ਬੇਪੱਤ ਕੀਤਾ । ਇਹ ਦੁਸ਼ਟ ਬੰਦਾ ਸੂਬਾ ਸਰਹੰਦ ਕਹਾਉਣ ਵਿੱਚ ਬੜਾ ਮਾਣ ਮਹਿਸੂਸ ਕਰਦਾ ਹੁੰਦਾ ਸੀ । ਅਗਸਤ 2025 ਵਿੱਚ ਇਸ ਨੂੰ ਝੂਠੇ ਪੁਲੀਸ ਮੁਕਾਬਲੇ ਬਣਾ ਕੇ ਸਿੱਖ ਨੌਜਵਾਨਾਂ ਨੂੰ ਮਾਰਨ ਦੇ ਕੇਸ ਵਿੱਚ ਉੱਮਰ ਕੈਦ ਹੋ ਗਈ ਅਤੇ ਪਟਿਆਲੇ ਦੀ ਜੇਹਲ ਵਿੱਚ ਇਸ ਨੂੰ ਇਸ ਦੇ ਸਾਥੀਆਂ ਸਮੇਤ ਬੰਦ ਕਰ ਦਿੱਤਾ ਗਿਆ । ਪਟਿਆਲਾ ਜੇਹਲ



ਵਿੱਚ ਹੀ ਹਿੰਦੂ ਅੱਤਵਾਦੀ ਸੁਧੀਰ ਸੂਰੀ ਸ਼ਿਵ ਸੈਨਾ ਵਾਲੇ ਨੂੰ ਗੱਡੀ ਚਾੜ੍ਹਨ ਵਾਲਾ ਕੌਮੀ ਯੋਧਾ ਭਾਈ ਸੰਦੀਪ ਸਿੰਘ ਸਨੀ ਵੀ ਬੰਦ ਸੀ । ਕੁੱਝ ਕੁ ਦਿਨ ਪਹਿਲਾਂ ਹੀ ਸੂਬਾ ਸਰਹੰਦ ਗੁਰਬਚਨ ਸਿੰਘ ਅਤੇ ਰਾਜਬੀਰ ਸਿੰਘ ਪੁਲੀਸ ਅਫਸਰਾਂ ਦੀ ਸੰਦੀਪ ਸਿੰਘ ਸਨੀ ਨਾਲ ਜੇਹਲ ਵਿੱਚ ਹੀ ਕਿਸੇ ਗੱਲੋਂ ਤਕਰਾਰ ਹੋ ਗਈ ਅਤੇ ਸੰਦੀਪ ਸਿੰਘ ਸਨੀ ਨੇ ਤਿੰਨਾਂ ਹੀ ਦੁਸ਼ਟਾਂ ਦੀ ਲੋਹੇ ਦੀ ਰਾਡ ਨਾਲ ਚੰਗੀ ਤਰਾਂ ਭੁਗਤ ਸਵਾਰ ਦਿੱਤੀ । ਸੰਦੀਪ ਸਿੰਘ ਸਨੀ ਨੇ ਸੂਬਾ ਸਿੰਘ ਸਰਹੰਦ ਦੇ ਸਿਰ ਵਿੱਚ ਹੀ ਜਿਆਦਾ ਰਾਡਾਂ ਮਾਰੀਆਂ ਅਤੇ ਸੂਬਾ ਸਰਹੰਦ ਨੂੰ ਤਾਂ ਰਜਿੰਦਰਾ ਹਸਪਤਾਲ ਦੇ ਕੌਮਾ ਵਿੱਚ ਰੱਖਣਾ ਪਿਆ ਅਤੇ ਦੂਜੇ ਦੋਨੋ ਵੀ ਓਥੇ ਹੀ ਜੇਰੇ ਇਲਾਜ ਹਨ ! ਜਿਸ ਦਿਨ ਦੀ ਇਹ ਘਟਨਾ ਵਾਪਰੀ ਹੈ ਉੱਸ ਦਿਨ ਤੋਂ ਹੀ ਸੰਦੀਪ ਸਿੰਘ ਸਨੀ ਦਾ ਪਰਿਵਾਰ ਅਤੇ ਵਕੀਲ ਸਨੀ ਨੂੰ ਮਿਲਣ ਦੀ ਆਗਿਆ ਮੰਗ ਰਹੇ ਸਨ , ਪਰ ਪੁਲੀਸ ਨੇ ਸਨੀ ਨੂੰ ਵੀ ਕਹਿੰਦੇ ਹਨ ਕਿ ਬਾਅਦ ਵਿੱਚ ਬਹੁਤ ਜਿਆਦਾ ਹੀ ਕੁੱਟਿਆ ਅਤੇ ਕੋਈ ਡਾਕਟਰੀ ਇਲਾਜ ਵੀ ਨਹੀਂ ਕਰਵਾਇਆ । ਬੜੀ ਮੁਸ਼ੱਕਤ ਨਾਲ ਵਕੀਲਾਂ ਨੇ ਕੋਰਟ ਰਾਹੀਂ ਸਨੀ ਨੂੰ ਮਿਲਣ ਦੀ ਇਜਾਜ਼ਤ ਲਈ , ਜਦੋਂ ਵਕੀਲਾਂ ਨੇ ਸਨੀ ਨੂੰ ਵੇਖਿਆ ਤਾਂ ਸਨੀ ਉੱਪਰ ਬਹੁਤ ਹੀ ਜਿਆਦਾ ਤਸ਼ੱਦਦ ਕੀਤਾ ਹੋਇਆ ਸੀ । ਖੈਰ ਐਕਸ਼ਨ ਦਾ ਰੀਐਕਸ਼ਨ ਤਾਂ ਹੁੰਦਾ ਹੀ ਹੁੰਦਾ ਹੈ । ਲੇਕਿਨ ਸੂਬਾ ਸਿੰਘ ਉੱਰਫ ਸੂਬਾ ਸਰਹੰਦ ਦੁਸ਼ਟ ਜਾਲਮ ਅੱਜ 17-09-2025 ਨੂੰ ਜਖਮਾਂ ਦੀ ਤਾਬ ਨਾ ਝੱਲਦਾ ਹੋਇਆ ਨਰਕਗਾਮੀ ਹੋ ਗਿਆ । ਅਕਾਲ ਪੁਰਖ ਵਾਹਿਗੁਰੂ ਨੇ ਕਿਵੇਂ ਵਿਧ ਬਣਾਈ ਇੱਕ ਪਾਪੀ ਬੰਦੇ ਨੂੰ ਸਜ਼ਾ ਦਿਵਾਉਣ ਲਈ ਇਹ ਵੀ ਇੱਕ ਅਜਮਤ ਵਾਲੀ ਹੀ ਗੱਲ ਹੈ । ਅਜੇ ਭਾਈ ਸੰਦੀਪ ਸਿੰਘ ਸਨੀ ਦੀ ਹਾਲਤ ਵੀ ਭਾਵੇਂ ਪੂਰੀ ਠੀਕ ਨਹੀਂ ਹੈ ਅਤੇ ਉੱਸਨੂੰ ਸੰਗਰੂਰ ਦੀ ਜੇਹਲ ਵਿੱਚ ਵੀ ਤਬਦੀਲ ਕਰ ਦਿੱਤਾ ਗਿਆ ਹੈ । ਲੇਕਿਨ ਸੂਬਾ ਸਿੰਘ ਸਰਹੰਦ ਦੀ ਮੌਤ ਦੀ ਖਬਰ ਸੁਣ ਕੇ ਉਹਨਾਂ ਪਰਿਵਾਰਾਂ ਨੂੰ ਜਰੂਰ ਸਕੂਨ ਮਿਲਿਆ ਹੋਵੇਗਾ ਜਿਹਨਾਂ ਪਰਿਵਾਰਾਂ ਦੇ ਜੀਅ ਸੂਬਾ ਸਿੰਘ ਸਰਹੰਦ ਨੇ ਮਾਰ ਮੁਕਾਏ ਸੀ ਜਾਂ ਤਸ਼ੱਦਦ ਕਰ ਕਰ ਕੇ ਅਪਾਹਜ ਕਰ ਦਿੱਤੇ ਸੀ । ਜਿਹਨਾਂ ਪਰਿਵਾਰਾਂ ਦੀਆਂ ਔਰਤਾਂ ਤੱਕ ਨੂੰ ਵੀ ਏਸ ਪਾਪੀ ਨੇ ਨਹੀਂ ਬਖਸ਼ਿਆ ਸੀ । ਸ਼ੋਸਲ ਮੀਡੀਆ ਰਾਹੀਂ ਇਹ ਖਬਰ ਦੁਨੀਆਂ ਵਿੱਚ ਵਸਦੇ ਪੂਰੇ ਸਿੱਖ ਜਗਤ ਵਿੱਚ ਫੈਲ ਗਈ । ਸਿੱਖ ਕੌਮ ਕੌਮੀ ਯੋਧੇ ਭਾਈ ਸੰਦੀਪ ਸਿੰਘ ਸਨੀ ਉੱਪਰ ਮਾਣ ਮਹਿਸੂਸ ਕਰ ਰਹੀ ਹੈ । ਹੁਣ ਜਿੰਮੇਵਾਰੀ ਸਿੱਖ ਕੌਮ ਸਿੱਖ ਸੰਸਥਾਵਾਂ ਅਤੇ ਸਿੱਖ ਜਥੇਬੰਦੀਆਂ ਦੀ ਹੈ ਕਿ ਭਾਈ ਸੰਦੀਪ ਸਿੰਘ ਸਨੀ ਅਤੇ ਓਹਨਾ ਦੇ ਪਰਿਵਾਰ ਦਾ ਪੂਰਾ ਪੂਰਾ ਖਿਆਲ ਰੱਖੇ ਜੀ।

**- ਹਰਪ੍ਰੀਤ ਸਿੰਘ ਪੰਮਾ (ਅਸਟਰੀਆ)**

### ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਸਿੱਖ ਜਥਿਆਂ 'ਤੇ ਰੋਕ ਲਗਾਉਣ ਨਾਲ ਕੇਂਦਰ 'ਚ

# ਬੀਜੇਪੀ ਸਰਕਾਰ ਦਾ ਸਿੱਖ ਵਿਰੋਧੀ ਚੇਹਰਾ ਸਾਹਮਣੇ ਆਇਆ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤ ਸਰਕਾਰ ਵੱਲੋਂ ਸਿੱਖ ਧਰਮ ਦੇ ਬਾਨੀ ਤੇ ਜਗਤ ਗੁਰੂ ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਨਵੰਬਰ ਮਹੀਨੇ ਵਿੱਚ ਸਿੱਖ ਸ਼ਰਧਾਲੂਆਂ ਦਾ ਜੱਥਾ ਹਰ ਸਾਲ ਪਾਕਿਸਤਾਨ ਵਿੱਚ ਸਥਿਤ ਗੁਰੂ ਸਾਹਿਬ ਜੀ ਦੇ ਜਨਮ ਅਸਥਾਨ ਨਨਕਾਣਾ ਸਾਹਿਬ ਦਰਸ਼ਨ ਨੂੰ ਜਾਂਦਾ ਹੈ ਪਰ ਇਸ ਸਾਲ ਭਾਰਤ ਸਰਕਾਰ ਵੱਲੋਂ ਰੋਕ ਲਗਾ ਦਿੱਤੀ ਗਈ ਹੈ। ਜਿਸ ਦੇ ਨਾਲ ਕੇਂਦਰ 'ਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦਾ ਸਿੱਖ ਵਿਰੋਧੀ ਚੇਹਰਾ ਸਾਹਮਣੇ ਆਇਆਂ ਹੈ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਟਰਾਂਸਪੋਰਟ ਵਿੰਗ ਦੇ ਸੂਬਾ ਪ੍ਰਧਾਨ ਹਰਬੰਸ ਸਿੰਘ ਸਲੇਮਪੁਰ, ਮੁਲਾਜਮ ਵਿੰਗ ਦੇ ਸੂਬਾ ਪ੍ਰਧਾਨ ਵਾਸਬੀਰ ਸਿੰਘ ਭੁੱਲਰ, ਕਿਸਾਨ ਵਿੰਗ ਦੇ ਜ਼ਿਲਾ ਪ੍ਰਧਾਨ ਅਮਰਜੀਤ ਸਿੰਘ ਬਾਦਸ਼ਾਹਪੁਰ ਅਤੇ ਮਨਜੀਤ ਸਿੰਘ ਧਾਮੀ ਸੇਰਪੁਰ ਸੀਨੀਅਰ ਆਗੂ ਅਕਾਲੀ ਦਲ ਮਾਨ ਨੇ ਕੀਤਾ । ਉਹਨਾਂ ਕਿਹਾ ਕਿ ਕੇਂਦਰ ਸਰਕਾਰ ਦਾ ਇਸ ਫੈਸਲੇ ਨੇ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਹੈ ਜੇਕਰ ਦੋਵੇਂ ਮੁਲਕਾਂ ਵਿੱਚ ਕ੍ਰਿਕਟ ਮੈਚ ਖੇਡੇ ਜਾ ਸਕਦੇ ਹਨ ਤਾਂ ਫੇਰ ਤਾਂ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਕਿਉਂ ਨਹੀਂ ਜਾ ਸਕਦਾ। ਜੇਕਰ ਦੋਵੇਂ ਮੁਲਕਾਂ ਦੀਆਂ । ਸਰਕਾਰਾਂ ਸਰਹੱਦਾਂ 'ਤੇ ਅਮਨ ਸ਼ਾਂਤੀ ਚਾਹੁੰਦੀਆਂ ਹਨ ਤਾਂ ਇਸ ਲਈ ਜ਼ਰੂਰੀ ਹੈ ਕਿ ਭਾਰਤ ਤੇ ਪਾਕਿਸਤਾਨ ਦੇ ਸਬੰਧ ਆਪਸ ਵਿੱਚ ਸੁਖਾਵੇਂ ਹੋਣ। ਉਨ੍ਹਾ ਕਿਹਾ ਕਿ ਦੋਵੇਂ ਦੇਸ਼ਾਂ ਵਿਚਕਾਰ ਹੋਏ ਸਮਝੌਤੇ ਅਨੁਸਾਰ ਹਰ ਸਾਲ ਸਿੱਖ ਜੱਥੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਜਾਂਦੇ ਹਨ, ਪ੍ਰੰਤੂ ਭਾਰਤ ਸਰਕਾਰ ਵੱਲੋਂ ਇਸ ਵਾਰ ਲਏ ਗਏ ਫ਼ੈਸਲੇ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਸ੍ਰੀ ਨਨਕਾਣਾ ਸਾਹਿਬ ਵਿਖੇ ਪ੍ਰਕਾਸ਼ ਗੁਰਪੁਰਬ ਮੌਕੇ ਸਮਾਗਮਾਂ ਵਿੱਚ ਸ਼ਮੂਲੀਅਤ ਤੋਂ ਸਿੱਖ ਸੰਗਤ ਨੂੰ ਵਾਂਝੇ ਰੱਖਣਾ ਬਿਲਕੁਲ ਗਲਤ ਹੈ ।ਜਿਸ ਨਾਲ ਪੂਰੇ ਸਿੱਖ ਜਗਤ ਵਿੱਚ ਸੋਗ ਦੀ ਲਹਿਰ ਹੈ।

# ਸੁਪਰੀਮ ਕੋਰਟ ਦਾ ਆਨੰਦ ਮੈਰਿਜ ਐਕਟ 'ਤੇ ਇਤਿਹਾਸਕ ਫੈਸਲਾ, ਬੇਹੱਦ ਸਲਾਘਾਯੋਗ---ਕਰਨੈਲ ਸਿੰਘ ਪੀਰ ਮੁਹੰਮਦ



**ਚੰਡੀਗੜ੍ਹ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਸ੍ਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਆਨੰਦ ਮੈਰਿਜ (ਆਨੰਦ ਕਾਰਜ) ਐਕਟ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਦੇ ਸੁਪਰੀਮ ਕੋਰਟ ਦੇ ਇਤਿਹਾਸਕ ਫੈਸਲੇ ਦਾ ਜੋਰਦਾਰ ਸਵਾਗਤ ਕੀਤਾ ਹੈ । ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ਼ ਇੱਕ ਕਾਨੂੰਨੀ ਆਦੇਸ਼ ਨਹੀਂ ਹੈ ਬਲਕਿ ਸਿੱਖ ਭਾਈਚਾਰੇ ਦੀ ਵਿਲੱਖਣ ਪਛਾਣ, ਪਰੰਪਰਾ ਅਤੇ ਮਾਣ-ਸਨਮਾਨ ਦਾ ਸਤਿਕਾਰ ਹੈ। ਇਹ ਫੈਸਲਾ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਹ ਵਿਸ਼ਵਾਸ ਦਿਵਾਏਗਾ ਕਿ ਉਨ੍ਹਾਂ ਨੂੰ ਹੁਣ ਕਿਸੇ ਹੋਰ ਕਾਨੂੰਨ ਤਹਿਤ ਆਪਣੇ ਆਨੰਦ ਕਾਰਜ ਵਿਆਹ ਰਜਿਸਟਰ ਕਰਨ ਲਈ ਮਜਬੂਰ ਨਹੀਂ ਕੀਤਾ ਜਾਵੇਗਾ। ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਇਹ ਫੈਸਲਾ ਬਹੁਤ ਦੇਰ ਤੋਂ ਲਟਕਿਆ ਹੋਇਆ ਸੀ। ਉਨ੍ਹਾਂ ਯਾਦ ਦਿਵਾਇਆ ਕਿ ਆਨੰਦ ਮੈਰਿਜ ਐਕਟ 1909 ਵਿੱਚ ਪਾਸ ਹੋਇਆ ਸੀ। 2012 ਵਿੱਚ ਸਿੱਖ ਵਿਆਹਾਂ ਲਈ ਇੱਕ ਵੱਖਰਾ ਢਾਂਚਾ ਸਥਾਪਤ ਕਰਨ ਲਈ ਇਸ ਵਿੱਚ ਸੋਧ ਕੀਤੀ ਗਈ ਸੀ। ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਸੰਸਦ ਵਿੱਚ ਆਨੰਦ ਕਾਰਜ (ਸੋਧ) ਬਿੱਲ ਪਾਸ ਕੀਤਾ। ਇਸ ਕਾਨੂੰਨ ਨੇ ਸਿੱਖ ਪਰੰਪਰਾਗਤ ਵਿਆਹਾਂ ਨੂੰ ਕਾਨੂੰਨੀ ਮਾਨਤਾ ਦਿੱਤੀ। ਹਾਲਾਂਕਿ, ਦਹਾਕਿਆਂ ਤੋਂ ਸਿੱਖ ਜੋੜਿਆਂ ਨੂੰ ਹਿੰਦੂ ਵਿਆਹ ਐਕਟ ਅਧੀਨ ਰਜਿਸਟਰ ਕਰਨ ਲਈ ਮਜਬੂਰ ਕੀਤਾ ਜਾਂਦਾ ਸੀ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਨੇ ਹੁਣ ਇਸ ਅਣਗਹਿਲੀ ਨੂੰ ਖਤਮ ਕਰ ਦਿੱਤਾ ਹੈ। ਅੱਜ, ਹਰ ਸਿੱਖ ਪਰਿਵਾਰ ਆਨੰਦ ਮੈਰਿਜ ਐਕਟ ਅਧੀਨ ਆਪਣੇ ਵਿਆਹ ਨੂੰ ਮਾਣ ਨਾਲ ਰਜਿਸਟਰ ਕਰ ਸਕਦਾ ਹੈ। ਹਰ ਸਿੱਖ ਜੋੜਾ ਹੁਣ ਆਪਣੇ ਵਿਸ਼ਵਾਸ ਅਤੇ ਰੀਤੀ-ਰਿਵਾਜਾਂ ਅਨੁਸਾਰ ਆਪਣੇ ਵਿਆਹ ਨੂੰ ਰਜਿਸਟਰ ਕਰ ਸਕੇਗਾ। ਇਹ ਸਿਰਫ਼ ਪ੍ਰਕਿਰਿਆ ਦਾ ਮਾਮਲਾ ਨਹੀਂ ਹੈ, ਸਗੋਂ ਸਵੈ-ਮਾਣ, ਸਮਾਨਤਾ ਅਤੇ ਨਿਆਂ ਦਾ ਸਵਾਲ ਹੈ। ਕਰਨੈਲ ਸਿੰਘ ਪੀਰ ਮੁਹੰਮਦ ਨੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਤੁਰੰਤ ਨਿਯਮ ਬਣਾਉਣ ਅਤੇ ਇੱਕ ਪ੍ਰਣਾਲੀ ਸਥਾਪਤ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਿਆਂ ਵਿੱਚ ਦੇਰੀ ਨੇ ਬਹੁਤ ਦੁੱਖ ਝੱਲੇ ਹਨ, ਪਰ ਹੁਣ ਲਾਗੂ ਕਰਨ ਵਿੱਚ ਕੋਈ ਦੇਰੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਇਹ ਹੁਕਮ 17 ਰਾਜਾਂ ਅਤੇ ਸੱਤ ਕੇਂਦਰ ਸ਼ਾਸਤ ਪ੍ਰਦੇਸ਼ਾਂ 'ਤੇ ਲਾਗੂ ਹੁੰਦਾ ਹੈ ਜਿਨ੍ਹਾਂ ਨੇ ਅਜੇ ਤੱਕ ਨਿਯਮ ਲਾਗੂ ਨਹੀਂ ਕੀਤੇ ਹਨ। ਇਨ੍ਹਾਂ ਵਿੱਚ ਉੱਤਰਾਖੰਡ, ਕਰਨਾਟਕ, ਤਾਮਿਲਨਾਡੂ, ਝਾਰਖੰਡ, ਉੱਤਰ ਪ੍ਰਦੇਸ਼, ਅਸਾਮ, ਬੰਗਾਲ, ਗੁਜਰਾਤ, ਬਿਹਾਰ, ਮਹਾਰਾਸ਼ਟਰ, ਤੇਲੰਗਾਨਾ, ਨਾਗਾਲੈਂਡ, ਸਿੱਕਮ, ਤ੍ਰਿਪੁਰਾ, ਅਰੁਣਾਚਲ ਪ੍ਰਦੇਸ਼, ਗੋਆ, ਮਨੀਪੁਰ, ਜੰਮੂ ਅਤੇ ਕਸ਼ਮੀਰ, ਲੱਦਾਖ, ਚੰਡੀਗੜ੍ਹ, ਲਕਸ਼ਦੀਪ, ਦਮਨ ਅਤੇ ਦੀਉ, ਪੁਡੂਚੇਰੀ ਅਤੇ ਅੰਡੇਮਾਨ ਅਤੇ ਨਿਕੋਬਾਰ ਟਾਪੂ ਸ਼ਾਮਲ ਹਨ।

## ਪ੍ਰਵਾਸੀ ਮਜ਼ਦੂਰਾਂ ਪੰਜਾਬ ਵਾਸੀਆਂ ਤੇ ਹੋ ਰਹੇ ਹਮਲੇ ਇੱਕ ਚਿੰਤਾ ਦਾ ਵਿਸ਼ਾ ਹਨ ਜਸਵੰਤ ਸਿੰਘ ਹਰਪੁਰਾ



**ਚੰਡੀਗੜ੍ਹ ( ਰਣਜੀਤ ਸਿੰਘ ਪੇਧਨੀ )**-ਕੁੱਝ ਸਰਾਰਤੀ ਅਨਸਰਾਂ ਵੱਲੋਂ ਕੀਤੀ ਗਈ ਇੱਕ ਗਲਤੀ ਬਦਲੇ ਸਾਰੇ ਸਮਾਜ ਨੂੰ ਭੁਗਤਣਾ ਪੈ ਸਕਦਾ ਹੈ। ਜਿਸ ਤਰ੍ਹਾਂ ਦਿਲ ਦਹਿਲਾਉਣ ਵਾਲੀ ਘਟਨਾਂ ਅਤੇ ਇਕ ਮਿਸਾਲ ਹੁਸ਼ਿਆਰਪੁਰ ਵਿਖੇ ਹੋਈ ਹੈ। ਜਿਥੇ ਇਕ ਮਸੂਮ ਬੱਚੇਆਂ ਦੀ ਹੱਤਿਆ ਕਰ ਦਿੱਤੀ ਗਈ। ਜਿਸ ਨਾਲ ਸਾਰੇ ਹੀ ਸਮਾਜ ਨੂੰ ਭੁਗਤਣਾ ਪੈ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂਐਸਏ ਨੇ ਕੀਤਾ । ਉਨ੍ਹਾਂ ਕਿਹਾ ਕਿ ਪ੍ਰਵਾਸੀ ਮਜਦੂਰ ਦੇ ਵਕਤ ਦੀ ਰੋਟੀ ਕਮਾਉਣ ਲਈ ਵਿਦੇਸ਼ਾਂ ਅਤੇ ਧੁਰ ਦੁਰਾਡੇ ਆਪਣੇ ਪਿੰਡਾਂ ਨੂੰ ਛੱਡ ਆਉਂਦੇ ਹਨ। ਜਿਸ ਤਰ੍ਹਾਂ ਸਾਡੇ ਵੀ ਪੰਜਾਬ ਦੇ ਨਿਵਾਸੀ ਜਾਂਦੇ ਹਨ। ਆਪਣੀ ਰੋਟੀ ਦੇ ਨਾਲ ਸਮਾਜ ਭਲਾਈ ਦੇ ਕਾਰਜ ਵੀ ਕਰਦੇ ਹਨ ਉਨ੍ਹਾਂ ਕਿਹਾ ਕਿ ਸਾਡਾ ਦੇਸ਼ ਲੋਕਤੰਤਰੀ ਦੇਸ਼ ਹੈ ਜੋ ਜਿਥੇ ਚਾਹੇ ਰਹਿ ਸਕਦਾ ਹੈ ।ਪਰ ਇਹ ਨਹੀਂ ਕਿ ਉਥੇ ਰਹਿੰਦੇ ਤੁਸੀਂ ਸੋਰ ਸਰਾਬਾ ਕਰਦੇ ਬਦਮਾਸ਼ੀਆ ਕਰਦੇ ਇਨਾਂ ਗਿਰ ਜਾਊ ਕਿ ਤੁਸੀਂ ਕਿਸੇ ਦੀ ਜਾਨ ਵੀ ਲੈ ਲਓ। ਉਨ੍ਹਾਂ ਕਿਹਾ ਮਜਦੂਰੀ ਕਰਨ ਲਈ ਜਿਵੇਂ ਕੋਈ ਵੀ ਆਪਣਾ ਘਰ ਬਾਰ ਛੱਡ ਆਉਂਦੇ ਹਨ ਤਾਂ ਉਸ ਨੂੰ ਕੰਮ ਦੇ ਨਾਲ ਉਸ ਦੇ ਅਧਾਰ ਕਾਰਡ ਦੀ ਰਿਪੋਰਟ ਨੇੜੇ ਥਾਣੇ ਵਿਚ ਦਿੱਤੀ ਜਾਣੀ ਚਾਹੀਦੀ ਹੈ ਅਤੇ ਦਾ ਪਿੰਡ ਤੱਕ ਰਿਕਾਰਡ ਚੈਕ ਕੀਤਾ ਜਾਣਾ ਚਾਹੀਦਾ ਹੈ। ਇਥੇ ਇਹ ਵੀ ਜ਼ਿਕਰਯੋਗ ਹੈ ਕਿ ਇਨ੍ਹਾਂ ਦੀਆਂ ਖਾਣ ਪੀਣ ਵਾਲੀਆਂ ਰੇਹੜੀਆਂ ਤੇ ਵਸਤੂਆਂ ਇਨੀਆਂ ਗੰਦਗੀ ਭਰੀਆਂ ਹੁੰਦੀਆਂ ਹਨ ਕਿ ਕੋਈ ਵੀ ਖਾ ਲਵੇ ਤਾਂ ਉਹ ਬਿਮਾਰ ਪੈ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੀਤੇ ਨਾ ਕੀਤੇ ਸਾਡੀਆਂ ਸਰਕਾਰਾਂ ਵੀ ਇਨ੍ਹਾਂ ਦੇ ਪ੍ਰਮਾਣ ਪੱਤਰ ਬਣਾਉਣ ਲਈ ਜ਼ਿੰਮੇਵਾਰ ਹਨ ਕਿਉਂਕਿ ਇੱਕ ਇਨਾਂ ਦੇ ਪਿੰਡ ਦਾ ਪ੍ਰਮਾਣ ਪੱਤਰ ਬਣਿਆ ਹੁੰਦਾ ਹੈ ਅਤੇ ਦੂਸਰਾ ਆਪਣੀ ਵੋਟ ਬੈਂਕ ਨੂੰ ਮਜ਼ਬੂਰ ਕਰਨ ਲਈ ਇਥੋਂ ਦੇ ਵਸਨੀਕ ਦਰਸਾਏ ਜਾਂਦੇ ਹਨ । ਜਿੱਥੇ ਇਨ੍ਹਾਂ ਨੂੰ ਹੌਂਸਲਾ ਮਿਲਦਾ ਹੈ ਅਤੇ ਵੱਡੀ ਤੋਂ ਵੱਡੀ ਘਟਨਾ ਕਰਨ ਤੋਂ ਵੀ ਡਰਦੇ ਨਹੀਂ। ਉਨ੍ਹਾਂ ਸਰਕਾਰ ਨੂੰ ਪਰਵਾਸੀਆਂ ਵੱਲੋਂ ਕੀਤੇ ਜਾਣ ਵਾਲੇ ਹਮਲਿਆਂ ਦਾ ਨਿਚੋੜ ਕੱਡਣਾ ਚਾਹੀਦਾ ਹੈ ਤਾਂ ਜੋ ਆਪਸੀ ਭਾਈਚਾਰਕ ਸਾਂਝ ਬਣਾਈ ਰੱਖੀ ਜਾਵੇ।

## ਪੰਜਾਬ ਸਰਕਾਰ ਦਾ ਮਿਸ਼ਨ ਚੜ੍ਹਦੀਕਲਾ ਹੜ੍ਹ ਪੀੜਤਾਂ ਲਈ ਵਰਦਾਨ ਸਾਬਿਤ ਹੋਵੇਗਾ: ਸਾਮ ਸੁੰਦਰ ਸਿੰਗਲਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬੀਆਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਮਿਸ਼ਨ ਚੜ੍ਹਦੀਕਲਾ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਦੀ ਅਪੀਲ ਕੀਤੀ ਹੈ। ਇਸ ਫੈਸਲਾ ਮਾਨ ਸਰਕਾਰ ਦਾ ਬਹੁਤ ਹੀ ਸਲਾਘਾਯੋਗ ਫ਼ੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜਿਲ੍ਹਾ ਪ੍ਰਧਾਨ ਸਾਮ ਸੁੰਦਰ ਸਿੰਗਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬੀ ਦੇਸ਼ ਜਾਂ ਵਿਦੇਸ਼ ਵਿੱਚ ਕਿਸੇ ਵੀ ਮੁਸੀਬਤ 'ਚ ਕਿਸੇ ਨੂੰ ਭੁੱਖਮਰੀ ਦਾ ਸ਼ਿਕਾਰ ਨਹੀਂ ਹੋਣ ਦਿੰਦੇ ਰੰਤੂ ਹੁਣ ਭਿਅੰਕਰ ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬ ਨੂੰ ਵੀ ਮਦਦ ਦੀ ਲੋੜ ਹੈ। ਪੰਜਾਬ ਵਿੱਚ ਹੜ੍ਹਾਂ ਕਰਕੇ ਸੂਬੇ 'ਚ ਵੱਡਾ ਦੁਖਾਂਤ ਵਾਪਰਿਆ ਹੈ, ਜਿਸ ਤੋਂ ਉਭਰਨ ਲਈ ਪੰਜਾਬ ਸਰਕਾਰ ਆਪਣੀ ਹਰ ਕੋਸ਼ਿਸ਼ ਕਰ ਰਹੀ ਹੈ ਪਰੰਤੂ ਇਸ ਵੱਡੇ ਕਾਰਜ ਲਈ ਮਦਦ ਕਰਨ ਵਾਸਤੇ ਸਮੂਹ ਪੰਜਾਬੀਆਂ, ਵਪਾਰੀਆਂ ਸਮੇਤ ਹੋਰ ਵਰਗਾਂ ਦੇ ਲੋਕਾਂ, ਸਮਾਜ ਸੇਵੀ ਸੰਸਥਾਵਾਂ ਆਦਿ ਵੀ ਅੱਗੇ ਆ ਰਹੀਆਂ ਹਨ, ਜਿਸ ਲਈ ਪੰਜਾਬ ਸਰਕਾਰ ਨੇ ਮਿਸ਼ਨ ਚੜ੍ਹਦੀਕਲਾ ਦਾ ਇੱਕ ਮੰਚ ਪ੍ਰਦਾਨ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੰਤ ਬਾਬਾ ਪ੍ਰਿਤਪਾਲ ਸਿੰਘ ਦਾ ਵਿਸ਼ੇਸ਼ ਤੌਰ 'ਤੇ

# ਪੀਰ ਮੁਹੰਮਦ ਦੇ ਗ੍ਰਹਿ ਨਿਵਾਸ ਤੇ ਪਹੁੰਚਣ 'ਤੇ ਸਨਮਾਨ

## ਕਰਨੈਲ ਸਿੰਘ ਪੀਰ ਮੁਹੰਮਦ ਜੀਰਾ ਮੱਲਵਾਲਾ ਏਰੀਏ ਦੇ ਹੜ੍ਹ ਪੀੜਤ ਪਰਿਵਾਰਾ ਦੀ ਸਹਾਇਤਾ ਨਿਰੰਤਰ ਜਾਰੀ

















**ਚੰਡੀਗੜ੍ਹ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੌਮਣੀ ਸੰਤ ਖਾਲਸਾ ਇੰਟਰਨੈਸ਼ਨਲ ਫਾਊਂਡੇਸ਼ਨ ਦੇ ਚੇਅਰਮੈਨ ਸੰਤ ਬਾਬਾ ਪ੍ਰਿਤਪਾਲ ਸਿੰਘ ਦਾ ਸਨਮਾਨ ਕੀਤਾ ਗਿਆ ਇਹ ਸਨਮਾਨ ਸ ਕਰਨੈਲ ਸਿੰਘ ਪੀਰਮੁਹੰਮਦ ਵਲੋਂ ਕੀਤਾ ਗਿਆ। ਬੀਤੇ ਦੋ ਹਫਤਿਆ ਤੋ ਲਗਾਤਾਰ ਹੜ ਪੀੜਤ ਪਰਿਵਾਰਾ ਦੀਆ ਜਰੂਰਤ ਮੁਤਾਬਿਕ ਸਹਾਇਤਾ ਕੀਤੀ ਜਾ ਰਹੀ ਹੈ ਇਹ ਉਪਰਾਲਾ ਕਰਤਾਰ ਆਸਰਾ ਟਰੱਸਟ ਚੰਡੀਗੜ੍ਹ ਵੱਲੋ ਚੇਅਰਪਰਸਨ ਬੀਬਾ ਚਰਨਕਮਲ ਕੌਰ ਅਤੇ ਭਾਈ ਤੇਜਸਵਰਪ੍ਰਤਾਪ ਸਿੰਘ ਗੋਬਿੰਦ ਵਾਈਸ ਚੇਅਰਮੈਨ ਵਲੋ ਕੀਤਾ ਗਿਆ ਹੈ ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਸਰਪ੍ਰਸਤ ਅਤੇ ਸੀਨੀਅਰ ਅਕਾਲੀ ਆਗੂ ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ ਪੀੜ੍ਹਤ ਪਰਿਵਾਰਾ ਤੱਕ ਮੈਡੀਕਲ ਕੈਂਪ ਰਾਹੀ ਲੈਬਾਟਰੀ ਟੈਸਟ ਅਤੇ ਡਾਕਟਰਾ ਦੀਆ ਟੀਮਾ ਮਰੀਜ਼ਾ ਦਾ ਇਲਾਜ ਕਰ ਰਹੀਆ ਹਨ ਅਸੀ ਐਬੂਲੈਂਸ ਟੀਮਾ ਰਾਹੀ ਵੀ ਹਰੇਕ ਜਗਾ ਪਹੁੰਚ ਕਰ ਰਹੇ ਹਾ ।ਬੀਬਾ ਚਰਨਕਮਲ ਕੌਰ ਨੇ ਕਿਹਾ ਕਿ ਹੁਣ ਪਸੂਆ ਦਾ ਚਾਰੇ ਦੀ ਬਹੁਤ ਮੰਗ, ਕੀਤੀ ਜਾ ਰਹੀ ਹੈ ।ਸ੍ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਬੀਤੇ ਦਿਨ ਭਾਈ ਸੁਖਦੇਵ ਸਿੰਘ ਬੈਲਜੀਅਮ ਨੇ ਸਾਡੇ ਪਾਸ 25 ਟਰਾਲੀਆ ਸੁੱਕੀ ਤੂੜੀ ਅਤੇ ਅਚਾਰ ਵੀ ਸਾਡੇ ਪਾਸ ਭੇਜਿਆ ਗਿਆ ਹੈ ।ਭਾਈ ਤੇਜਸਵਰਪ੍ਰਤਾਪ ਸਿੰਘ ਗੋਬਿੰਦ ਨੇ ਕਿਹਾ ਕਿ ਉਹ ਹੜ੍ਹ ਪ੍ਰਭਾਵਿਤ ਇਲਾਕਿਆ ਅਜਨਾਲਾ ਰਮਦਾਸ ਬਾਊਪੁਰ ਸੁਲਤਾਨਪੁਰ ਲੋਧੀ ਕਲਿਆਣ ਬੇਲਾ ਸਾਰੰਗਪੁਰ ਦੋਦਪੁਰ ਚਮਕੌਰ ਸਾਹਿਬ ਵਿਖੇ ਵੀ ਹੜ ਰਾਹਤ ਸਮਗਰੀ ਜਿਸ ਵਿੱਚ ਕਪੜੇ ਕਿਚਨ ਦਾ ਸਮਾਨ ਮੈਡੀਕਲ ਕਿੱਟਾ ਵੰਡੀਆ ਗਈਆ ਹਨ । ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ ਸ੍ਰੌਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਭਾਈ ਗੁਰਮੁੱਖ ਸਿੰਘ ਸੰਧੂ , ਡਾਕਟਰ ਕਾਰਜ ਸਿੰਘ ਧਰਮ ਸਿੰਘ ਵਾਲਾ , ਭਾਈ ਹਰਦਿਆਲ ਸਿੰਘ ਭਿੰਡਰ, ਅਮਰਜੀਤ ਸਿੰਘ ਨਿਜ਼ਾਮਦੀਨ ਵਾਲਾ , ਭਾਈ ਦਿਲਬਾਗ ਸਿੰਘ ਵਰਪਾਲ , ਕੁਲਦੀਪ ਸਿੰਘ ਕੰਵਲਜੀਤ ਸਿੰਘ, ਸਰਪੰਚ ਗੁਰਮੀਤ ਸਿੰਘ, ਸਰਪੰਚ ਸਿੰਦਰ ਕੌਰ ਨਿਜ਼ਾਮਦੀਨ ਬਾਬਾ ਬਲਕਾਰ ਸਿੰਘ ਵਿਸੇਸ਼ ਤੌਰ ਤੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਸੰਦੀਪ ਸਿੰਘ ਨੇ ਸਿੱਖ ਇਤਿਹਾਸ ਦੇ ਪੰਨਿਆਂ ਵਿੱਚ ਆਪਣਾ ਨਾਂ

# ਸ਼ਹੀਦਾਂ ਦੀ ਲੜੀ ਵਿੱਚ ਜ਼ਿੰਦਾ ਸ਼ਹੀਦ ਵਜੋਂ ਦਰਜ਼

ਸਿੱਖ ਇਤਿਹਾਸ ਵਿੱਚ ਸਮੇਂ-ਸਮੇਂ ਤੇ ਅਜਿਹੇ ਸੂਰਮੇ ਪੈਦਾ ਹੁੰਦੇ ਰਹੇ ਹਨ ਜਿਨ੍ਹਾਂ ਨੇ ਇਤਿਹਾਸ ਦੀ ਸਿਰਜਣਾ ਕੀਤੀ। ਇਹ ਲੜੀ ਬਹੁਤ ਲੰਬੀ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ, ਬੋਤਾ ਸਿੰਘ-ਗਰਜਾ ਸਿੰਘ, ਬੇਅੰਤ ਸਿੰਘ-ਸਤਵੰਤ ਸਿੰਘ, ਹਰਜਿੰਦਰ

ਆਵਾਜ਼ਿ ਕੌਮ AWAZE QAUM International Newspaper & WEB TV

ਸਿੰਘ-ਸੁਖਦੇਵ ਸਿੰਘ ਸਮੇਤ ਲੱਖਾਂ ਸ਼ਹੀਦ ਸਿੱਖ ਇਤਿਹਾਸ ਦੇ ਸੁਨਿਹਰੀ ਪੰਨਿਆਂ ਦਾ ਸ਼ਿੰਗਾਰ ਹਨ। ਅੱਜ ਦੇ ਦਿਨ ਵਿੱਚ ਭਾਈ ਸੰਦੀਪ ਸਿੰਘ ਨੇ ਸਿੱਖ ਇਤਿਹਾਸ ਦੇ ਪੰਨਿਆਂ ਵਿੱਚ ਆਪਣਾ ਨਾਂ ਉਨ੍ਹਾਂ ਸ਼ਹੀਦਾਂ ਦੀ ਲੜੀ ਵਿੱਚ ਜ਼ਿੰਦਾ ਸ਼ਹੀਦ ਵਜੋਂ ਦਰਜ਼ ਕਰ ਲਿਆ ਹੈ। ਯੂਨਾਈਟਿਡ ਅਕਾਲੀ ਦਲ ਸੰਦੀਪ ਸਿੰਘ ਦੀ ਬਹਾਦਰੀ ਅੱਗੇ ਸਿਰ ਝੁਕਾਉਦਾ ਹੈ। ਭਾਈ ਸੰਦੀਪ ਸਿੰਘ ਨੇ ਕੌਮ ਦੀ ਅਣਖ ਜ਼ਿੰਦਾ ਹੋਣ ਦਾ ਸਬੂਤ ਦਿੱਤਾ ਹੈ। ਯੂਨਾਈਟਿਡ ਅਕਾਲੀ ਦਲ ਪੰਜਾਬ ਦੇ ਸਾਰੇ ਲੋਕ ਨੂੰ ਦੋ ਬੇਨਤੀਆਂ ਕਰਦਾ ਹੈ।



1) ਬੁੱਚੜ ਸੂਬੇ ਦਾ ਕੋਈ ਵੀ ਵਿਅਕਤੀ ਵਿਸ਼ੇਸ਼ ਤੌਰ ਤੇ ਸਿੱਖ ਭਾਈਚਾਰਾ ਉਸਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਨਾ ਹੋਵੇ ਅਤੇ ਨਾ ਹੀ ਕੋਈ ਕੀਰਤਨੀ ਜੱਥਾ ਉਸਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਵੇ। ਪੰਜਾਬ ਪੁਲਿਸ ਦੇ ਅਫਸਰਾਂ ਅਤੇ ਜਵਾਨਾਂ ਨੂੰ ਭੀ ਬੇਨਤੀ ਹੈ ਕਿ ਉਹ ਵੀ ਪੰਜਾਬ ਦੇ ਪੁੱਤਰ ਹਨ ਸਾਡੇ ਭੈਣ-ਭਰਾ ਹਨ। ਕੋਈ ਮੁਲਾਜ਼ਮ ਭੀ ਉਸਦੀ ਅੰਤਿਮ ਅਰਦਾਸ ਜਾ ਕੀਰਤਨ ਵਿੱਚ ਹਿੱਸਾ ਨਾ ਲਵੇ।

2) ਅਸੀਂ ਪੰਜਾਬ ਦੀਆ ਸਾਰੀਆਂ ਪੰਥਕ ਜੱਥੇਬੰਦੀਆਂ ਅਤੇ ਸਮੂਹ ਇਨਸਾਫ ਅਤੇ ਪ੍ਰਮਾਤਮਾ ਤੇ ਯਕੀਨ ਰੱਖਣ ਵਾਲੇ ਵਿਅਕਤੀਆਂ ਨੂੰ ਸਨਿਮਰ ਬੇਨਤੀ ਕਰਦੇ ਹਾਂ ਕਿ ਭਾਈ ਸੰਦੀਪ ਸਿੰਘ ਨੇ ਕੋਹ-ਕੋਹ ਕੇ ਸ਼ਹੀਦ ਕੀਤੇ ਮਾਝੇ ਦੇ ਸੈਂਕੜੇ ਨੋਜਵਾਨਾਂ ਦੀਆ ਮਾਤਾਵਾਂ ਅਤੇ ਪਰਿਵਾਰਾ ਦੇ ਕਾਲਜੇ ਵਿੱਚ ਠੰਡ ਪਾਈ ਹੈ। ਆਪਣਾ ਵੀ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਉਸਦੀ ਕੁਰਬਾਨੀ ਨੂੰ ਪ੍ਰਵਾਨ ਕਰਦੇ ਹੋਏ ਅਤੇ ਅਪਣੀ ਅਣਖ ਦਾ ਜਿਉਂਦੇ ਹੋਣ ਦਾ ਸਬੂਤ ਦਿੰਦੇ ਹੋਏ ਤਰਨਤਾਰਨ ਤੋਂ ਅਣਖੀ ਯੋਧੇ ਨੂੰ ਵਿਧਾਨ ਸਭਾ ਦਾ ਉਮੀਦਵਾਰ ਬਣਾਈਏ ਅਤੇ ਬਹੁਤ ਭਾਰੀ ਗਿਣਤੀ ਨਾਲ ਜਿਤਾਈਏ।

-ਗੁਰਦੀਪ ਸਿੰਘ ਬਠਿੰਡਾ
(ਪ੍ਰਧਾਨ ਯੂਨਾਈਟਿਡ ਅਕਾਲੀ ਦਲ )

### ਸੁਪਰੀਮ ਕੋਰਟ ਵਲੋਂ 4 ਮਹੀਨਿਆਂ ਦੇ ਅੰਦਰ

# ਸਿੱਖ ਆਨੰਦ ਕਾਰਜ ਵਿਆਹਾਂ ਦੀ ਰਜਿਸਟ੍ਰੇਸ਼ਨ ਲਈ ਨਿਯਮ ਬਣਾਉਣ ਦਾ ਹੁਕਮ

**ਨਵੀਂ ਦਿੱਲੀ 18 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸੁਪਰੀਮ ਕੋਰਟ ਨੇ ਹਾਲ ਹੀ ਵਿੱਚ ਅਮਨਜੋਤ ਸਿੰਘ ਚੱਢਾ ਬਨਾਮ ਭਾਰਤ ਸੰਘ ਅਤੇ ਹੋਰ ਦੇ ਮਾਮਲੇ ਵਿਚ ਸੁਣਵਾਈ ਕਰਦਿਆਂ ਦੇਸ਼ ਦੇ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਚਾਰ ਮਹੀਨਿਆਂ ਦੇ ਅੰਦਰ ਆਨੰਦ ਕਾਰਜ ਦੇ ਸਿੱਖ ਧਾਰਮਿਕ ਸਮਾਰੋਹ ਦੁਆਰਾ ਕੀਤੇ ਗਏ ਵਿਆਹਾਂ ਨੂੰ ਰਜਿਸਟਰ ਕਰਨ ਲਈ ਨਿਯਮਾਂ ਨੂੰ ਸੂਚਿਤ ਕਰਨ ਦਾ ਨਿਰਦੇਸ਼ ਦਿੱਤਾ ਹੈ ।ਜਸਟਿਸ ਵਿਕਰਮ ਨਾਥ ਅਤੇ ਸੰਦੀਪ ਮਹਿਤਾ ਦੇ ਬੈਂਚ ਨੇ ਕਿਹਾ ਕਿ ਜਦੋਂ ਤੱਕ ਅਜਿਹੇ ਨਿਯਮ ਨਹੀਂ ਬਣ ਜਾਂਦੇ, ਅਜਿਹੇ ਵਿਆਹ ਮੌਜੂਦਾ ਵਿਆਹ ਰਜਿਸਟ੍ਰੇਸ਼ਨ ਕਾਨੂੰਨਾਂ ਤਹਿਤ ਰਜਿਸਟਰ ਕੀਤੇ ਜਾ ਸਕਦੇ ਹਨ। ਅਦਾਲਤ ਨੇ ਅੱਗੇ ਨਿਰਦੇਸ਼ ਦਿੱਤਾ ਕਿ ਜਿੱਥੇ ਬੇਨਤੀ ਕੀਤੀ ਜਾਵੇ, ਅਧਿਕਾਰੀਆਂ ਨੂੰ ਵਿਆਹ ਸਰਟੀਫਿਕੇਟ ਵਿੱਚ ਇਹ ਵੀ ਦੱਸਣਾ ਚਾਹੀਦਾ ਹੈ ਕਿ ਵਿਆਹ ਸਿੱਖ ਰੀਤੀ-ਰਿਵਾਜਾਂ ਅਧੀਨ ਹੋਇਆ ਸੀ। ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਅਜਿਹੇ ਵਿਆਹ ਰਜਿਸਟ੍ਰੇਸ਼ਨਾਂ ਲਈ ਕਿਸੇ ਵੀ ਨਿਯਮ ਦੀ ਘਾਟ 'ਤੇ ਟਿੱਪਣੀ ਕਰਦੇ ਹੋਏ, ਅਦਾਲਤ ਨੇ ਕਿਹਾ ਇੱਕ ਧਰਮ ਨਿਰਪੱਖ ਗਣਰਾਜ ਵਿੱਚ, ਰਾਜ ਨੂੰ ਕਿਸੇ ਨਾਗਰਿਕ ਦੇ ਵਿਸ਼ਵਾਸ ਨੂੰ ਵਿਸ਼ੇਸ਼ ਅਧਿਕਾਰ ਜਾਂ ਅਪਾਹਜਤਾ ਵਿੱਚ ਨਹੀਂ ਬਦਲਣਾ ਚਾਹੀਦਾ। ਜਦੋਂ ਕਾਨੂੰਨ ਆਨੰਦ ਕਾਰਜ ਨੂੰ ਵਿਆਹ ਦੇ ਇੱਕ ਜਾਇਜ਼ ਰੂਪ ਵਜੋਂ ਮਾਨਤਾ ਦਿੰਦਾ ਹੈ ਪਰ ਇਸਨੂੰ ਰਜਿਸਟਰ ਕਰਨ ਲਈ ਕੋਈ ਮਸ਼ੀਨਰੀ ਨਹੀਂ ਛੱਡਦਾ, ਤਾਂ ਵਾਅਦਾ ਸਿਰਫ਼ ਅੱਧਾ ਹੀ ਪੂਰਾ ਹੁੰਦਾ ਹੈ। ਜਿਨ੍ਹਾਂ ਰਾਜਾਂ ਵਿੱਚ ਆਨੰਦ ਮੈਰਿਜ ਐਕਟ, 1909 (2012 ਵਿੱਚ ਸੋਧਿਆ ਗਿਆ) ਅਧੀਨ ਆਨੰਦ ਵਿਆਹਾਂ ਨੂੰ ਰਜਿਸਟਰ ਕਰਨ ਲਈ ਅਜਿਹੇ ਨਿਯਮ ਪਹਿਲਾਂ ਹੀ ਮੌਜੂਦ ਹਨ, ਉੱਥੇ ਅਦਾਲਤ ਨੇ ਸਪੱਸ਼ਟ ਕੀਤਾ ਕਿ ਕੋਈ ਵੀ ਅਥਾਰਟੀ ਦੂਜੇ ਕਾਨੂੰਨਾਂ ਅਧੀਨ ਅਜਿਹੇ ਵਿਆਹਾਂ ਲਈ ਡੁਪਲੀਕੇਟ ਰਜਿਸਟ੍ਰੇਸ਼ਨ ਦੀ ਮੰਗ ਨਹੀਂ ਕਰ ਸਕਦੀ। ਅਦਾਲਤ ਇੱਕ ਸਿੱਖ ਪਟੀਸ਼ਨਰ ਅਮਨਜੋਤ ਸਿੰਘ ਚੱਢਾ ਬਨਾਮ ਭਾਰਤ ਸੰਘ ਅਤੇ ਹੋਰ ਵੱਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ, ਜਿਸ ਵਿੱਚ 1909 ਦੇ ਐਕਟ ਦੀ ਧਾਰਾ 6 (ਆਨੰਦ ਵਿਆਹਾਂ ਦੀ ਰਜਿਸਟ੍ਰੇਸ਼ਨ) ਨੂੰ ਲਾਗੂ ਕਰਨ ਦੇ ਨਿਰਦੇਸ਼ ਮੰਗੇ ਗਏ ਸਨ। ਉਨ੍ਹਾਂ ਦੱਸਿਆ ਕਿ ਜਦੋਂ ਕਿ ਕੁਝ ਰਾਜਾਂ ਨੇ ਨਿਯਮ ਸੂਚਿਤ ਕੀਤੇ ਸਨ, ਕਈਆਂ ਨੇ ਨਹੀਂ ਕੀਤੇ ਸਨ, ਜਿਸ ਨਾਲ ਆਨੰਦ ਕਾਰਜ ਸੰਸਕਾਰਾਂ ਅਧੀਨ ਵਿਆਹ ਕਰਨ ਵਾਲਿਆਂ ਲਈ ਉਨ੍ਹਾਂ ਦੇ ਵਿਆਹ ਦੀ ਰਜਿਸਟ੍ਰੇਸ਼ਨ ਦੀ ਗੱਲ ਆਉਂਦੀ ਹੈ, ਅਸਮਾਨ ਪਹੁੰਚ ਪੈਦਾ ਹੁੰਦੀ ਹੈ। ਸੁਪਰੀਮ ਕੋਰਟ ਜਾਣ ਤੋਂ ਪਹਿਲਾਂ, ਪਟੀਸ਼ਨਕਰਤਾ ਨੇ ਉੱਤਰਾਖੰਡ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਸੀ, ਜਿਸ ਨੇ ਰਾਜ ਸਰਕਾਰ ਨੂੰ ਨਿਯਮ ਬਣਾਉਣ ਦਾ ਨਿਰਦੇਸ਼ ਦਿੱਤਾ ਸੀ। ਉਸਨੇ ਹੋਰ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਵੀ ਪ੍ਰਤੀਨਿਧਤਾਵਾਂ ਦਿੱਤੀਆਂ, ਪਰ ਉਨ੍ਹਾਂ ਦੇ ਜਵਾਬਾਂ ਤੋਂ ਪਤਾ ਚੱਲਦਾ ਹੈ ਕਿ ਅਜੇ ਵੀ ਕੋਈ ਕਾਰਵਾਈ ਨਹੀਂ ਹੋ ਰਹੀ। ਅਦਾਲਤ ਨੇ ਨੋਟ ਕੀਤਾ ਕਿ ਸੰਸਦ ਨੇ 2012 ਵਿੱਚ ਆਨੰਦ ਮੈਰਿਜ ਐਕਟ ਵਿੱਚ ਸੋਧ ਕਰਕੇ ਧਾਰਾ 6 ਸ਼ਾਮਲ ਕੀਤੀ ਗਈ ਸੀ, ਜਿਸ ਵਿੱਚ ਰਾਜਾਂ ਨੂੰ ਆਨੰਦ ਕਾਰਜ ਵਿਆਹਾਂ ਦੀ ਰਜਿਸਟ੍ਰੇਸ਼ਨ ਲਈ ਨਿਯਮ ਬਣਾਉਣ, ਵਿਆਹ ਰਜਿਸਟਰ ਬਣਾਈ ਰੱਖਣ ਅਤੇ ਪ੍ਰਮਾਣਿਤ ਅੰਸ਼ ਪ੍ਰਦਾਨ ਕਰਨ ਦੀ ਲੋੜ ਸੀ। ਫਿਰ ਵੀ, ਇੱਕ ਦਹਾਕੇ ਤੋਂ ਵੱਧ ਸਮੇਂ ਬਾਅਦ, ਕਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੇ ਇਸ ਆਦੇਸ਼ ਨੂੰ ਲਾਗੂ ਨਹੀਂ ਕੀਤਾ, ਜਿਸ ਕਾਰਨ ਸਿੱਖ ਜੋੜਿਆਂ ਨੂੰ ਵਿਆਹ ਪ੍ਰਮਾਣ ਪੱਤਰ ਤੱਕ ਬਰਾਬਰ ਪਹੁੰਚ ਨਹੀਂ ਮਿਲੀ।



ਆਵਾਜ਼ਿ ਕੌਮ AWAZE QAUM International Newspaper & WEB TV

ਇਸਨੇ ਧਾਰਾ 6 ਦਾ ਵਿਸਥਾਰ ਨਾਲ ਵਿਸ਼ਲੇਸ਼ਣ ਕੀਤਾ, ਇਹ ਪਾਇਆ ਕਿ ਇਸਨੇ ਰਾਜਾਂ 'ਤੇ ਇੱਕ ਕਾਰਜਸ਼ੀਲ ਰਜਿਸਟ੍ਰੇਸ਼ਨ ਪ੍ਰਣਾਲੀ ਬਣਾਉਣ ਲਈ ਇੱਕ ਲਾਜ਼ਮੀ ਡਿਊਟੀ ਲਗਾਈ ਹੈ। ਇਸਨੇ ਜ਼ੋਰ ਦੇ ਕੇ ਕਿਹਾ ਕਿ ਰਜਿਸਟ੍ਰੇਸ਼ਨ ਦਾ ਉਦੇਸ਼ ਵਿਆਹ ਨੂੰ ਪ੍ਰਮਾਣਿਤ ਕਰਨਾ ਨਹੀਂ ਸੀ - ਕਿਉਂਕਿ ਆਨੰਦ ਕਾਰਜ ਰਜਿਸਟ੍ਰੇਸ਼ਨ ਤੋਂ ਬਿਨਾਂ ਵੀ ਵੈਧ ਰਿਹਾ - ਸਗੋਂ ਵਿਆਹ ਪ੍ਰਮਾਣੀਕਰਣ ਤੋਂ ਮਿਲਣ ਵਾਲੇ ਸਿਵਲ ਲਾਭਾਂ ਨੂੰ ਸੁਰੱਖਿਅਤ ਕਰਨਾ ਸੀ। ਅਦਾਲਤ ਨੇ ਸਮਝਾਇਆ ਕਿ ਇੱਕ ਵਿਆਹ ਸਰਟੀਫਿਕੇਟ ਰਿਹਾਇਸ਼, ਰੱਖ-ਰਖਾਅ, ਵਿਰਾਸਤ, ਬੀਮਾ, ਉਤਰਾਧਿਕਾਰ ਅਤੇ ਇੱਕ-ਵਿਆਹ ਨੂੰ ਲਾਗੂ ਕਰਨ ਲਈ ਸਥਿਤੀ ਦਾ ਸਬੂਤ ਪ੍ਰਦਾਨ ਕਰਦਾ ਹੈ, ਅਤੇ ਇਹ ਖਾਸ ਤੌਰ 'ਤੇ ਉਨ੍ਹਾਂ ਔਰਤਾਂ ਅਤੇ ਬੱਚਿਆਂ ਦੇ ਹਿੱਤਾਂ ਦੀ ਰੱਖਿਆ ਕਰਦਾ ਹੈ ਜੋ ਕਾਨੂੰਨੀ ਸੁਰੱਖਿਆ ਦਾ ਦਾਅਵਾ ਕਰਨ ਲਈ ਦਸਤਾਵੇਜ਼ੀ ਸਬੂਤ 'ਤੇ ਨਿਰਭਰ ਕਰਦੇ ਹਨ। ਇਸ ਵਿੱਚ ਅੱਗੇ ਕਿਹਾ ਗਿਆ ਹੈ ਕਿ ਕੁਝ ਰਾਜਾਂ ਵਿੱਚ ਅਜਿਹੀਆਂ ਰਜਿਸਟ੍ਰੇਸ਼ਨਾਂ ਤੋਂ ਇਨਕਾਰ ਕਰਨਾ, ਜਦੋਂ ਕਿ ਕੁਝ ਰਾਜਾਂ ਵਿੱਚ ਇਸਦੀ ਇਜਾਜ਼ਤ ਦੇਣਾ, ਨਾਗਰਿਕਾਂ ਨਾਲ ਅਸਮਾਨ ਵਿਵਹਾਰ ਦੇ ਬਰਾਬਰ ਹੈ। ਅਦਾਲਤ ਨੇ ਕਿਹਾ ਕਿ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਇੱਕ ਕਾਨੂੰਨੀ ਸਹੂਲਤ ਤੱਕ ਅਸਮਾਨ ਪਹੁੰਚ ਸਮਾਨ ਸਥਿਤੀ ਵਾਲੇ ਨਾਗਰਿਕਾਂ ਲਈ ਅਸਮਾਨ ਨਤੀਜੇ ਪੈਦਾ ਕਰਦੀ ਹੈ। ਇੱਕ ਧਰਮ ਨਿਰਪੱਖ ਢਾਂਚੇ ਵਿੱਚ ਜੋ ਧਾਰਮਿਕ ਪਛਾਣ ਦਾ ਸਤਿਕਾਰ ਕਰਦਾ ਹੈ ਅਤੇ ਨਾਗਰਿਕ ਸਮਾਨਤਾ ਨੂੰ ਯਕੀਨੀ ਬਣਾਉਂਦਾ ਹੈ, ਕਾਨੂੰਨ ਨੂੰ ਇੱਕ ਨਿਰਪੱਖ ਅਤੇ ਕਾਰਜਸ਼ੀਲ ਰਸਤਾ ਪ੍ਰਦਾਨ ਕਰਨਾ ਚਾਹੀਦਾ ਹੈ ਜਿਸ ਦੁਆਰਾ ਆਨੰਦ ਕਾਰਜ ਦੁਆਰਾ ਕੀਤੇ ਗਏ ਵਿਆਹਾਂ ਨੂੰ ਦੂਜੇ ਵਿਆਹਾਂ ਵਾਂਗ ਹੀ ਦਰਜ ਕੀਤਾ ਜਾਂਦਾ ਹੈ ਅਤੇ ਪ੍ਰਮਾਣਿਤ ਕੀਤਾ ਜਾਂਦਾ ਹੈ।

ਇਸ ਮਾਮਲੇ ਵਿਚ ਅਦਾਲਤ ਵਲੋਂ ਗੋਆ ਅਤੇ ਸਿੱਕਮ ਨੂੰ ਖਾਸ ਨਿਰਦੇਸ਼ ਜਾਰੀ ਕੀਤੇ ਗਏ ਸਨ। ਗੋਆ ਵਿੱਚ, ਕੇਂਦਰ ਸਰਕਾਰ ਨੂੰ ਗੋਆ, ਦਮਨ ਅਤੇ ਦੀਵ (ਪ੍ਰਸ਼ਾਸਨ) ਐਕਟ, 1962 ਦੇ ਤਹਿਤ ਆਨੰਦ ਮੈਰਿਜ ਐਕਟ ਨੂੰ ਵਧਾਉਣ ਲਈ ਕਿਹਾ ਗਿਆ ਸੀ, ਜਿਸਦੇ ਬਾਅਦ ਕੇਂਦਰ ਸ਼ਾਸਤ ਪ੍ਰਦੇਸ਼ ਨੂੰ ਨਿਯਮ ਬਣਾਉਣੇ ਚਾਹੀਦੇ ਹਨ। ਸਿੱਕਮ ਵਿੱਚ, 1963 ਦੇ ਵਿਆਹ ਨਿਯਮਾਂ ਦੇ ਤਹਿਤ ਅੰਤਰਿਮ ਰਜਿਸਟ੍ਰੇਸ਼ਨਾਂ ਦੀ ਆਗਿਆ ਦਿੱਤੀ ਜਾਣੀ ਚਾਹੀਦੀ ਹੈ, ਭਵਿੱਖ ਵਿੱਚ ਸੰਵਿਧਾਨ ਦੀ ਧਾਰਾ 371ਐਫ ਦੇ ਤਹਿਤ ਆਨੰਦ ਮੈਰਿਜ ਐਕਟ ਨੂੰ ਸਿੱਕਮ ਤੱਕ ਵਧਾਉਣ ਦਾ ਪ੍ਰਸਤਾਵ ਹੈ। ਅਦਾਲਤ ਨੇ ਭਾਰਤ ਸੰਘ ਨੂੰ ਇੱਕ ਤਾਲਮੇਲ ਅਥਾਰਟੀ ਵਜੋਂ ਕੰਮ ਕਰਨ, ਰਾਜਾਂ ਨੂੰ ਮਾਡਲ ਨਿਯਮਾਂ ਦਾ ਪ੍ਰਸਾਰ ਕਰਨ ਅਤੇ ਛੇ ਮਹੀਨਿਆਂ ਦੇ ਅੰਦਰ ਇੱਕ ਸੰਯੁਕਤ ਪਾਲਣਾ ਰਿਪੋਰਟ ਪ੍ਰਕਾਸ਼ਤ ਕਰਨ ਦਾ ਵੀ ਹੁਕਮ ਦਿੱਤਾ ਹੈ । ਹਰੇਕ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਨੂੰ ਪਾਲਣਾ ਦੀ ਨਿਗਰਾਨੀ ਕਰਨ ਲਈ ਇੱਕ ਸਕੱਤਰ-ਪੱਧਰ ਦਾ ਅਧਿਕਾਰੀ ਨਿਯੁਕਤ ਕਰਨਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਨਿਯਮਾਂ ਦੀ ਘਾਟ ਕਾਰਨ ਆਨੰਦ ਕਾਰਜ ਰਜਿਸਟ੍ਰੇਸ਼ਨ ਲਈ ਕੋਈ ਵੀ ਅਰਜ਼ੀ ਰੱਦ ਨਾ ਕੀਤੀ ਜਾਵੇ। 4 ਸਤੰਬਰ ਦੇ ਫੈਸਲੇ ਵਿੱਚ ਕਿਹਾ ਗਿਆ ਹੈ ਕਿ ਅਸੀਂ ਇਹ ਸਪੱਸ਼ਟ ਕਰਦੇ ਹਾਂ ਕਿ ਆਨੰਦ ਕਾਰਜ ਵਿਆਹ ਦੀ ਰਜਿਸਟ੍ਰੇਸ਼ਨ ਜਾਂ ਪ੍ਰਮਾਣਿਤ ਅੰਸ਼ ਲਈ ਕੋਈ ਵੀ ਅਰਜ਼ੀ ਇਸ ਆਧਾਰ 'ਤੇ ਰੱਦ ਨਹੀਂ ਕੀਤੀ ਜਾਵੇਗੀ ਕਿ ਐਕਟ ਦੀ ਧਾਰਾ 6 ਦੇ ਤਹਿਤ ਨਿਯਮ ਅਜੇ ਤੱਕ ਸੂਚਿਤ ਨਹੀਂ ਕੀਤੇ ਗਏ ਹਨ।

ਅਦਾਲਤ ਅੰਦਰ ਪਟੀਸ਼ਨਰ ਦੀ ਨੁਮਾਇੰਦਗੀ ਐਡਵੋਕੇਟ ਸਨਪ੍ਰੀਤ ਸਿੰਘ ਅਜਮਾਨੀ, ਅਮਨਜੋਤ ਸਿੰਘ ਚੱਡਾ, ਅਮਿਤੋਜ਼ ਕੌਰ, ਅਮਿਤ ਕੁਮਾਰ ਅਤੇ ਸ਼ਿਵਾਨੀ ਅਗਰਹੇੜੀ ਨੇ ਕੀਤੀ ਸੀ ।

# 22 ਸਤੰਬਰ ਦੇ ਧਰਨੇ ਨੂੰ ਲੈ ਕੇ ਬੀਕੇਯੂ ਏਕਤਾ ਆਜ਼ਾਦ ਦੀ ਮੀਟਿੰਗ ਹੋਈ



**ਨਾਭਾ ( ਰਣਜੀਤ ਸਿੰਘ ਪੇਧਨੀ )**-ਬੀਕੇਯੂ ਏਕਤਾ ਆਜ਼ਾਦ ਬਲਾਕ ਨਾਭਾ ਦੀ ਭਰਮੀ ਮੀਟਿੰਗ ਹੋਈ । ਸੂਬਾ ਆਗੂ ਕਰਨੈਲ ਸਿੰਘ ਲੰਗ ਦੀ ਅਗਵਾਈ ਚ ਕੀਤੀ ਗਈ ।ਕਰਨੈਲ ਸਿੰਘ ਲਾਂਗ ਨੇ ਦੱਸਿਆ ਕਿ ਸੰਭੂ ਤੋਂ ਟਰਾਲੀਆਂ ਚੋਰੀ ਮਾਮਲੇ ਨੂੰ ਲੈ ਕੇ ਪੰਕਜ ਪੱਪੂ ਪੰਕਜ ਦੀ ਵਰਕਸ਼ਾਪ ਚੋਂ ਬਰਾਮਦ ਹੋਈਆਂ ਉਹਨਾਂ ਤੇ ਐਫ ਆਈ ਆਰ ਦਰਜ ਕਰਾਉਣ ਸੰਬੰਧੀ 19 ਸਤੰਬਰ ਨੂੰ ਮੰਗ ਪੱਤਰ ਦਿੱਤਾ ਜਾਵੇਗਾ ਜੇ ਕਰ ਉਹਨਾਂ ਦੀ ਗਿਰਫਤਾਰੀ ਨਹੀਂ ਹੁੰਦੀ ਤਾਂ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਐਸ,ਡੀ,ਐਮ ਦਫਤਰ ਨਾਭਾ ਦੇ ਅੱਗੇ 22 ਸਤੰਬਰ ਨੂੰ ਵੱਡੀ ਗਿਣਤੀ ਵਿੱਚ ਸੰਗਤਾਂ ਨੂੰ ਲੈ ਕੇ ਧਰਨਾ ਦਿੱਤਾ ਜਾਵੇਗਾ। ਇਸ ਧਰਨੇ ਨੂੰ ਲੈ ਕੇ ਪਿੰਡਾਂ ਵਿੱਚ ਵੱਡੇ ਪੱਧਰ ਤੇ ਤਿਆਰੀ ਕੀਤੀ ਜਾਵੇ ਮੀਟਿੰਗ ਵਿਚ ਗਮਦੂਰ ਸਿੰਘ ਬਾਬਰਪੁਰ ਬਲਾਕ ਪ੍ਰਧਾਨ ,ਚਮਕੌਰ ਸਿੰਘ ਜਨਰਲ ਸਕੱਤਰ, ਮਨਜੀਤ ਸਿੰਘ ਬਿਨਾਹੇੜੀ ਬਲਾਕ ਖਜਾਨਚੀ, ਜਰਨੈਲ ਸਿੰਘ ਮੀਤ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਪ੍ਰਿੰਸਵੀਰ ਸਿੰਘ, ਰਜਿੰਦਰ ਸਿੰਘ ਕਲਾਰਾ ਸਕੱਤਰ ,ਕਸ਼ਮੀਰ ਸਿੰਘ ਛਿਟਾਂਵਾਲਾ, ਦਰਸ਼ਨ ਸਿੰਘ ਸਕੋਹਾਂ, ਗੁਰਚਰਨ ਸਿੰਘ, ਅਗੇਤਾ ਗੁਰ, ਪਿਆਰ ਸਿੰਘ, ਜਰਨੈਲ ਸਿੰਘ ,ਕੁਲਦੀਪ ਸਿੰਘ, ਕੁਲਵਿੰਦਰ ਸਿੰਘ ਕਿੰਦੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਭਾਈ ਘਨੱਈਆ ਜੀ ਮਾਨਵ ਸੇਵਾ ਦਿਵਸ ਮਨਾਇਆ



**ਹੁਸ਼ਿਆਰਪੁਰ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਰੁਪਿੰਦਰ ਸਿੰਘ ਦੀ ਅਗਵਾਈ ਵਿੱਚ ਸ੍ਰੀ ਗੁਰਨਾਮ ਸਿੰਘ, ਸ੍ਰੀ ਗੁਰਦੇਵ ਸਿੰਘ ਵਲੋਂ ਭਾਈ ਘਨੱਈਆ ਜੀ ਮਾਨਵ ਸੇਵਾ ਸੰਕਲਪ ਦਿਵਸ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸ੍ਰੀ ਬਹਾਦਰ ਸਿੰਘ ਸੁਨੇਤ, ਪ੍ਰਧਾਨ ਭਾਈ ਘਨੱਈਆ ਜੀ ਮਿਸ਼ਨ ਹੁਸ਼ਿਆਰਪੁਰ, ਹਰਵਿੰਦਰ ਸਿੰਘ, ਜਸਵੀਰ ਸਿੰਘ, ਜਗਮੀਤ ਸਿੰਘ ਸੇਠੀ ਵਲੋਂ ਸਿਖਿਆਰਥੀਆਂ ਨੂੰ ਭਾਈ ਘਨੱਈਆ ਜੀ ਦੇ ਜੀਵਨ ਅਤੇ ਉਨ੍ਹਾਂ ਵਲੋਂ ਬਿਨਾਂ ਕਿਸੇ ਭੇਦਭਾਵ ਦੇ ਮਾਨਵਤਾ ਭਲਾਈ ਲਈ ਕੀਤੇ ਕੰਮਾਂ ਬਾਰੇ ਜਾਣੂ ਕਰਵਾਉਂਦਿਆਂ ਹਰੇਕ ਨੂੰ ਕਮਜ਼ੋਰ, ਬੇਸਹਾਰਾ ਅਤੇ ਦੁਰਘਟਨਾ ਗ੍ਰਸਤ ਵਿਅਕਤੀ ਦੀ ਨਿਰਸੰਕੋਚ ਸਹਾਇਤਾ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸੰਸਥਾਂ ਵਿਖੇ ਗਰੀਬ ਲੋੜਵੰਦ ਸਿਖਿਆਰਥੀਆਂ ਨੂੰ ਜਰੂਰੀ ਦਵਾਈਆਂ ਅਤੇ ਮੁਢਲੀ ਸਹਾਇਤਾ ਦੇਣ ਲਈ ਭਾਈ ਘਨੱਈਆ ਜੀ ਡਿਸਪੈਂਸਰੀ ਦੀ ਸ਼ੁਰੂਆਤ ਵੀ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਸ੍ਰੀ ਰੁਪਿੰਦਰ ਸਿੰਘ, ਗੁਰਨਾਮ ਸਿੰਘ, ਗੁਰਦੇਵ ਸਿੰਘ, ਅਸ਼ਵਨੀ ਕੁਮਾਰ, ਹੰਸ ਰਾਜ, ਹਬਿੰਦਰ ਸਿੰਘ, ਸਤਪਾਲ ਸਿੰਘ, ਮਸਤ ਰਾਮ, ਦਿਆਲ ਸਿੰਘ, ਦਵਿੰਦਰ ਸਿੰਘ, ਪੁਸ਼ਿਪੰਦਰ ਸਿੰਘ, ਪੁਨੀਤ ਕੌਰ, ਦਲਜੀਤ ਸਿੰਘ, ਰਵੀ ਕੁਮਾਰ, ਕਮਲਪ੍ਰੀਤ ਕੌਰ, ਗਰਿਮਾ, ਸਤਪਾਲ, ਜਸਵਿੰਦਰ ਸਿੰਘ, ਗੁਰਜਿੰਦਰ ਸਿੰਘ, ਪੁਰਵਿੰਦਰ ਕੋਰ, ਇੰਦਰਜੀਤ ਕੌਰ, ਕੁਲਵਿੰਦਰ ਕੁਲਦੀਪ ਕੌਰ, ਰਜਿੰਦਰ ਸਿੰਘ, ਅਵਤਾਰ ਸਿੰਘ, ਰਵੀਨਾ, ਬਲਵਿੰਦਰ ਸਿੰਘ, ਗੁਰਲਾਲ, ਰਾਮਦੇਵ ਸਮੇਤ ਸੰਸਥਾ ਦੇ ਸਟਾਫ ਮੈਂਬਰਾਂ ਅਤੇ ਸਿਖਿਆਰਥੀਆ ਨੇ ਭਾਈ ਘਨੱਈਆ ਜੀ ਦੀ ਮਹਾਨ ਸ਼ਖਸੀਅਤ ਤੋਂ ਪ੍ਰਭਾਵਿਤ ਹੁੰਦਿਆਂ ਗਰੀਬ, ਬੇਸਹਾਰਾ ਅਤੇ ਦੁਰਘਟਨਾ ਗ੍ਰਸਤ ਵਿਅਕਤੀਆਂ ਦੀ ਬਿਨਾਂ ਕਿਸੇ ਭੇਦਭਾਵ ਹਰ ਸੰਭਵ ਸਹਾਇਤਾ ਕਰਨ ਦਾ ਪ੍ਰਣ ਲਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਘੜੂੰਆਂ ਵਿੱਚ ਰੇਲਵੇ ਅੰਡਰ ਬ੍ਰਿਜ ਦਾ ਜ਼ੋਰਦਾਰ ਵਿਰੋਧ, ਕੰਮ ਰੁਕਵਾਇਆ

**ਖਰੜ, 18 ਸਤੰਬਰ (ਆਵਾਜ਼ਿ ਕੌਮ ਬਿਊਰੋ)** - ਪਿੰਡ ਘੜੂੰਆਂ ਅਤੇ ਨਾਲ ਲੱਗਦੇ ਇਲਾਕਿਆਂ ਦੇ ਨਿਵਾਸੀਆਂ ਨੇ ਅੱਜ ਰੇਲਵੇ ਫਾਟਕ ਨੰਬਰ 6 ਅਤੇ 7 ਉੱਤੇ ਬਣਾਏ ਜਾ ਰਹੇ ਅੰਡਰ ਬ੍ਰਿਜਾਂ ਦੇ ਵਿਰੋਧ ਵਿੱਚ ਰੋਸ ਧਰਨਾ ਦਿੱਤਾ। ਲੋਕਾਂ ਨੇ ਦਾਅਵਾ ਕੀਤਾ ਕਿ ਅੰਡਰ ਬ੍ਰਿਜ ਬਣਨ ਨਾਲ ਕਿਸਾਨਾਂ ਅਤੇ ਆਮ ਲੋਕਾਂ ਨੂੰ ਵੱਡੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਸਾਬਕਾ ਸਰਪੰਚ ਸਰਬਜੀਤ ਸਿੰਘ ਗੋਲਾ, ਕੌਂਸਲਰ ਹਰਪ੍ਰੀਤ ਸਿੰਘ ਭੰਡਾਰੀ, ਭਾਰਤੀ ਕਿਸਾਨ ਯੂਨੀਅਨ ਦੇ ਆਗੂ ਮੇਹਰ ਸਿੰਘ ਥੇੜੀ, ਤੇਜਵਿੰਦਰ ਸਿੰਘ ਤੇਜੀ ਅਤੇ ਹੋਰਨਾਂ ਨੇ ਦੱਸਿਆ ਕਿ ਬਰਸਾਤ ਦੇ ਸਮੇਂ ਅੰਡਰ ਬ੍ਰਿਜਾਂ ਵਿੱਚ ਪਾਣੀ ਖੜਾ ਰਹਿੰਦਾ ਹੈ, ਜਿਸ ਨਾਲ ਪਿੰਡਾਂ ਦੀ ਆਪਸੀ ਲਿੰਕ ਟੁੱਟ ਜਾਂਦੀ ਹੈ। ਕਿਸਾਨਾਂ ਦੀਆਂ ਜ਼ਮੀਨਾਂ ਜ਼ਿਆਦਾਤਰ ਰੇਲਵੇ ਲਾਈਨ ਤੋਂ ਪਾਰ ਹਨ, ਜਿਸ ਕਰਕੇ ਖੇਤੀਬਾੜੀ ਦੇ ਸੰਦ ਲੰਘਾਉਣੇ ਔਖੇ ਹੋ ਜਾਣਗੇ। ਇਸ ਦੌਰਾਨ ਇਲਾਕਾ ਵਾਸੀਆਂ ਵੱਲੋਂ ਰੇਲਵੇ ਮੰਤਰੀ ਭਾਰਤ ਸਰਕਾਰ ਨੂੰ ਸੰਬੋਧਤ ਮੰਗ ਪੱਤਰ ਰੇਲਵੇ ਅਧਿਕਾਰੀਆਂ ਨੂੰ ਸੌਂਪਿਆ ਗਿਆ, ਜਿਸ ਵਿੱਚ ਮੰਗ ਕੀਤੀ ਗਈ ਕਿ ਫਾਟਕਾਂ ਨੂੰ ਹੀ ਬਹਾਲ ਰੱਖਿਆ ਜਾਵੇ। ਰੇਲਵੇ ਦੇ ਅਧਿਕਾਰੀ ਸੁਭਾਸ਼ ਵਰਮਾ ਨੇ ਕਿਹਾ ਕਿ ਲੋਕਾਂ ਦੇ ਵਿਰੋਧ ਕਾਰਨ ਫਿਲਹਾਲ ਅੰਡਰ ਬ੍ਰਿਜ ਦਾ ਕੰਮ ਰੋਕ ਦਿੱਤਾ ਗਿਆ ਹੈ ਅਤੇ ਮੰਗ ਪੱਤਰ ਉੱਚ ਅਧਿਕਾਰੀਆਂ ਨੂੰ ਭੇਜ ਦਿੱਤਾ ਗਿਆ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ, ਜਿਨ੍ਹਾਂ ਵਿੱਚ ਸਰਦਾਰਾ ਸਿੰਘ ਸਕੂਲਾਂਪੁਰ, ਮਾਸਟਰ ਗੁਰਦਿਆਲ ਸਿੰਘ, ਹਰਮੇਲ ਸਿੰਘ ਲਾਲੀ, ਗੁਰਵਿੰਦਰ ਸਿੰਘ ਕਾਲਾ, ਹਕੀਕਤ ਸਿੰਘ ਘੜੂੰਆਂ, ਜਥੇਦਾਰ ਸਤਨਾਮ ਸਿੰਘ, ਭੁਪਿੰਦਰ ਸਿੰਘ, ਸੁੱਖਪ੍ਰੀਤ ਸਿੰਘ ਸਮੇਤ ਕਈ ਹੋਰ ਸ਼ਾਮਲ ਸਨ, ਰੋਸ ਪ੍ਰਦਰਸ਼ਨ ਵਿੱਚ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243